

ਸਾਹਿਬ ਸ੍ਰੀ ਗੁਰੂ ਅੰਗਦ ਦੇਵ ਜੀ
(ਗੁਰਗੱਦੀ ਦਿਵਸ 'ਤੇ ਵਿਸ਼ੇਸ਼) ਪੰਨਾ 2

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

# Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

ਵੀਰਵਾਰ, 1 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੫ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਮੈਮੋਰੀਅਲ ਸਕੂਲ ਦੀ 15 ਸਾਲਾ ਵਿਦਿਆਰਥਣ ਨੇ ਜੀਵਨਲੀਲ੍ਹਾ ਕੀਤੀ ਸਮਾਪਤ, ਅਧਿਆਪਕਾ 'ਤੇ ਗੰਭੀਰ ਇਲਜ਼ਾਮ

**ਅੰਮ੍ਰਿਤਸਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-



ਅੰਮ੍ਰਿਤਸਰ ਦੇ ਮਾਲ ਮੰਡੀ ਇਲਾਕੇ ਵਿੱਚ ਸਥਿਤ ਮੈਮੋਰੀਅਲ ਸਕੂਲ ਦੀ 14-15 ਸਾਲਾ ਵਿਦਿਆਰਥਣ ਕੋਮਲ ਵੱਲੋਂ ਖ਼ੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਤੋਂ ਬਾਅਦ ਪਰਿਵਾਰ ਵਿੱਚ ਸੋਗ ਦਾ ਮਾਹੌਲ ਹੈ, ਜਦਕਿ ਪਰਿਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਵੱਲੋਂ ਸੜਕ 'ਤੇ ਧਰਨਾ ਦੇ ਕੇ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ। ਪਰਿਵਾਰਕ ਮੈਂਬਰਾਂ ਦੇ ਮੁਤਾਬਕ ਕੋਮਲ ਮਾਲਮੰਡੀ ਮੈਮੋਰੀਅਲ ਸਕੂਲ ਵਿੱਚ ਪੜ੍ਹਦੀ ਸੀ। ਕੁਝ ਦਿਨ ਪਹਿਲਾਂ ਸਕੂਲ ਵਿੱਚ ਕੁਝ ਬੱਚਿਆਂ ਨਾਲ ਹੋਏ ਆਪਸੀ ਵਿਵਾਦ ਤੋਂ ਬਾਅਦ ਸਕੂਲ ਪ੍ਰਬੰਧਕਾਂ ਵੱਲੋਂ ਉਸ ਨੂੰ ਕਥਿਤ ਤੌਰ 'ਤੇ 10 ਤੋਂ 15 ਦਿਨਾਂ ਲਈ ਸਕੂਲ ਤੋਂ ਬਾਹਰ ਕਰ ਦਿੱਤਾ ਗਿਆ ਸੀ। ਪਰਿਵਾਰ ਦਾ ਦੋਸ਼ ਹੈ ਕਿ ਜਦੋਂ ਕੋਮਲ ਲਗਭਗ ਇੱਕ ਮਹੀਨੇ ਬਾਅਦ ਮੁੜ ਸਕੂਲ ਗਈ ਤਾਂ ਉੱਥੇ ਇੱਕ ਮੈਡਮ ਵੱਲੋਂ ਉਸ ਨਾਲ ਕਥਿਤ ਤੌਰ 'ਤੇ ਅਪਮਾਨਜਨਕ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ ਅਤੇ ਉਸ ਨੂੰ ਸਕੂਲ ਤੋਂ ਕੱਢ ਦਿੱਤਾ ਗਿਆ। ਪਰਿਵਾਰਕ ਮੈਂਬਰਾਂ ਦਾ ਦੋਸ਼ ਹੈ ਕਿ ਮੈਡਮ ਵੱਲੋਂ ਕੋਮਲ ਦੀ ਪੜ੍ਹਾਈ ਅਤੇ ਉਸ ਦੇ ਭਵਿੱਖ ਦੇ ਸੁਪਨਿਆਂ ਨੂੰ ਲੈ ਕੇ ਵੀ ਕਥਿਤ ਤੌਰ 'ਤੇ ਅਪਮਾਨਜਨਕ ਟਿੱਪਣੀਆਂ ਕੀਤੀਆਂ ਗਈਆਂ।

### ਸ੍ਰੀ ਅਕਾਲ ਤਖ਼ਤ ਨੇ ਸ਼੍ਰੋਮਣੀ ਕਮੇਟੀ ਦੇ ਦੋ ਮੈਂਬਰਾਂ ਨੂੰ ਜਾਰੀ ਕੀਤਾ ਕਾਰਨ ਦੱਸੋ ਨੋਟਿਸ

# ਮੀਟਿੰਗਾਂ 'ਚ ਸ਼ਾਮਲ ਹੋਣ 'ਤੇ ਲਾਈ ਰੋਕ

**ਅੰਮ੍ਰਿਤਸਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਉਲੰਘਣਾ ਕਰਨ ਦੇ ਦੋਸ਼ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋ ਸੀਨੀਅਰ ਮੈਂਬਰਾਂ 'ਤੇ ਕਾਰਵਾਈ ਕੀਤੀ ਗਈ ਹੈ। ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਨੇ ਸਖ਼ਤ ਰੁਖ ਅਪਣਾਉਂਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੈਂਬਰ ਮਿੱਠੂ ਸਿੰਘ ਕਾਨੇਕੇ ਤੇ ਜਸਵੰਤ ਸਿੰਘ ਪੁੜੈਣ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਸਪਸ਼ਟੀਕਰਨ ਮੰਗਿਆ ਹੈ। ਦੋਵਾਂ ਮੈਂਬਰਾਂ 'ਤੇ ਦੋਸ਼ ਹੈ ਕਿ ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਨਾਲ ਮੁਲਾਕਾਤ ਕੀਤੀ, ਜਿਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪਹਿਲਾਂ ਹੀ 'ਗੁਰੂ ਦੋਖੀ' ਐਲਾਨਿਆ ਜਾ ਚੁੱਕਾ ਹੈ। ਇਸ ਨੂੰ ਪੰਥਕ



ਮਰਿਆਦਾ ਦੀ ਸਿੱਧੀ ਉਲੰਘਣਾ ਦੱਸਿਆ ਗਿਆ ਹੈ। ਸਕੱਤਰੇਤ ਵੱਲੋਂ ਜਾਰੀ ਅਧਿਕਾਰਤ ਪੱਤਰ ਮੁਤਾਬਕ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਸਿੰਘ ਸਾਹਿਬਾਨ ਦੇ ਹੁਕਮ ਤਹਿਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਨੂੰ "ਗੁਰੂ ਦੋਖੀ ਤੇ ਖ਼ਾਲਸਾ ਪੰਥ ਵਿਰੋਧੀ" ਐਲਾਨਿਆ ਜਾ ਚੁੱਕਾ ਹੈ। ਨਿਯਮਾਂ ਤਹਿਤ ਕਿਸੇ ਵੀ ਸਿੱਖ ਸੰਸਥਾ ਦੇ ਚੁਣੇ ਹੋਏ ਨੁਮਾਇੰਦੇ ਜਾਂ ਜ਼ਿੰਮੇਵਾਰ ਮੈਂਬਰ ਦਾ ਉਨ੍ਹਾਂ ਨਾਲ ਮੇਲ-ਜੋਲ ਰੱਖਣਾ ਪੂਰੀ ਤਰ੍ਹਾਂ ਮਨਾਹੀ ਹੈ। ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਹੁਕਮ 'ਤੇ ਜਾਰੀ ਇਸ ਨੋਟਿਸ 'ਚ ਦੋਵਾਂ ਮੈਂਬਰਾਂ ਨੂੰ ਸਖ਼ਤ ਹਦਾਇਤ ਕੀਤੀ ਗਈ ਹੈ ਕਿ ਉਹ 10 ਦਿਨਾਂ ਦੇ ਅੰਦਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ 'ਚ ਨਿੱਜੀ ਤੌਰ 'ਤੇ ਪੇਸ਼ ਹੋਣ। ਉਨ੍ਹਾਂ ਨੂੰ ਇਸ ਅਨੁਸ਼ਾਸਨਹੀਣਤਾ ਸਬੰਧੀ ਆਪਣਾ ਲਿਖਤੀ ਸਪਸ਼ਟੀਕਰਨ ਪੇਸ਼ ਕਰਨ ਲਈ ਕਿਹਾ ਗਿਆ ਹੈ। ਅਕਾਲ ਤਖ਼ਤ ਸਾਹਿਬ ਨੇ ਦੋਵਾਂ ਮੈਂਬਰਾਂ ਖ਼ਿਲਾਫ਼ ਅਨੁਸ਼ਾਸਨਾਤਮਕ ਕਾਰਵਾਈ ਵੀ ਕੀਤੀ ਹੈ। ਜਦੋਂ ਤੱਕ ਮਿੱਠੂ ਸਿੰਘ ਕਾਨੇਕੇ ਤੇ ਜਸਵੰਤ ਸਿੰਘ ਪੁੜੈਣ ਨਿੱਜੀ ਤੌਰ 'ਤੇ ਪੇਸ਼ ਹੋ ਕੇ ਆਪਣਾ ਸਪਸ਼ਟੀਕਰਨ ਨਹੀਂ ਸੌਂਪਦੇ ਤੇ ਅਕਾਲ ਤਖ਼ਤ ਸਾਹਿਬ ਵੱਲੋਂ ਇਸ ਮਾਮਲੇ 'ਤੇ ਅੰਤਿਮ ਫ਼ੈਸਲਾ ਨਹੀਂ ਲਿਆ ਜਾਂਦਾ, ਉਦੋਂ ਤੱਕ ਦੋਵਾਂ ਮੈਂਬਰਾਂ ਦੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਿਸੇ ਵੀ ਤਰ੍ਹਾਂ ਦੀ ਮੀਟਿੰਗ ਜਾਂ ਇਕੱਤਰਤਾ 'ਚ ਸ਼ਾਮਲ ਹੋਣ 'ਤੇ ਪੂਰੀ ਤਰ੍ਹਾਂ ਰੋਕ ਲਗਾ ਦਿੱਤੀ ਗਈ ਹੈ।

## ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਜਾਂਚ ਸੀਬੀਆਈ ਹਵਾਲੇ ਕਰੇ ਪੰਜਾਬ ਸਰਕਾਰ-ਐਡਵੋਕੇਟ ਧਾਮੀ

**ਅੰਮ੍ਰਿਤਸਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਅੱਜ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ, ਜਿਸ ਵਿਚ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪੇ ਜਾਣ, ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ 'ਚ ਨਿਰਦੇਸ਼ ਦੇਣ, ਗੁਰਦੁਆਰਾ ਪ੍ਰਬੰਧ ਲਈ ਪੰਜਾਬ ਦਾ ਵੱਖਰਾ ਐਕਟ ਬਣਾਉਣ ਲਈ ਕੁਝ ਲੋਕਾਂ ਵੱਲੋਂ ਬਿਆਨਬਾਜ਼ੀ ਕਰਨ ਦੇ ਮਾਮਲੇ 'ਤੇ ਚਰਚਾ ਕਰਨ ਦੇ ਨਾਲ-ਨਾਲ ਮੀਰੀ ਪੀਰੀ ਖਾਲਸਾ ਮਾਰਚ ਦੌਰਾਨ ਵੱਡੀ ਗਿਣਤੀ ਵਿਚ ਸ਼ਮੂਲੀਅਤ ਅਤੇ ਸਹਿਯੋਗ ਕਰਨ ਵਾਲੀਆਂ ਜਥੇਬੰਦੀਆਂ ਅਤੇ ਸੰਗਤਾਂ ਪ੍ਰਤੀ ਧੰਨਵਾਦੀ ਮਤਾ ਪਾਸ ਕੀਤਾ ਗਿਆ। ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਵਿਚ ਇਕ



ਬੀਬੀ ਵੱਲੋਂ ਲਗਾਏ ਗਏ ਦੋਸ਼ਾਂ ਦੇ ਮਾਮਲੇ ਵਿਚ ਪਰਚਾ ਦਰਜ ਹੋਣ ਦੇ ਬਾਅਦ ਉਸ ਦੀ ਜਾਂਚ ਨਿਰਪੱਖ ਜਾਂਚ ਏਜੰਸੀ ਤੋਂ ਹੋਣੀ ਚਾਹੀਦੀ ਹੈ ਅਤੇ ਜਾਂਚ ਦੇ ਵਿਸ਼ਿਆਂ ਨੂੰ ਸੋਸ਼ਲ ਮੀਡੀਆ ਟਰਾਇਲ ਦਾ ਵਿਸ਼ਾ ਨਹੀਂ ਬਣਾਇਆ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਕੁਝ ਧਿਰਾਂ ਵੱਲੋਂ ਸ਼੍ਰੋਮਣੀ ਕਮੇਟੀ ਦੀ ਜਾਂਚ ਟੀਮ 'ਤੇ ਇਤਰਾਜ਼ ਜਤਾਇਆ ਜਾ ਰਿਹਾ ਹੈ, ਜਦਕਿ ਪੰਜਾਬ ਸਰਕਾਰ ਵੱਲੋਂ ਪੁਲਿਸ ਦੁਆਰਾ ਕਰਵਾਈ ਜਾ ਰਹੀ ਜਾਂਚ 'ਤੇ ਵੀ ਲੋਕਾਂ ਦਾ ਭਰੋਸਾ ਨਹੀਂ ਹੈ। ਇਸ ਲਈ ਅੰਤ੍ਰਿੰਗ ਕਮੇਟੀ ਮੰਗ ਕਰਦੀ ਹੈ ਕਿ ਪੰਜਾਬ ਸਰਕਾਰ ਨੂੰ ਇਸ ਕੇਸ ਦੀ ਜਾਂਚ ਸੀਬੀਆਈ ਨੂੰ ਸੌਂਪੇ।

## ਅਮਿਤ ਸ਼ਾਹ ਦੀ ਜਲੰਧਰ ਰੈਲੀ 'ਚ 2 ਭਾਜਪਾ ਵਰਕਰਾਂ ਦੀ ਹਾਰਟ ਅਟੈਕ ਨਾਲ ਮੌਤ

**ਜਲੰਧਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿੱਚ ਭਾਜਪਾ ਦੀ 'ਨਸ਼ਾ-ਮੁਕਤ' ਰੈਲੀ ਦੌਰਾਨ ਪਾਰਟੀ ਦੇ ਦੋ ਵਰਕਰਾਂ ਦੀ ਮੌਤ ਹੋ ਗਈ। ਪੰਜਾਬ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਮੰਚ ਤੋਂ ਇਸ ਖਬਰ ਦਾ ਐਲਾਨ ਕੀਤਾ। ਬੁੱਧਵਾਰ ਦੁਪਹਿਰ ਰੈਲੀ ਵਿੱਚ ਆਏ ਇੱਕ ਵਰਕਰ ਨੂੰ ਦਿਲ ਦਾ ਦੌਰਾ ਪਿਆ। ਸੁਰੱਖਿਆ ਕਰਮਚਾਰੀਆਂ ਨੇ ਤੁਰੰਤ ਉਸਨੂੰ ਐਂਬੂਲੈਂਸ ਰਾਹੀਂ ਇੱਕ ਨਿੱਜੀ ਹਸਪਤਾਲ ਪਹੁੰਚਾਇਆ, ਜਿੱਥੇ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਦਿਲ ਦਾ ਦੌਰਾ ਉਸ ਸਮੇਂ ਪਿਆ ਜਦੋਂ ਪੁਲਿਸ ਰੈਲੀ ਵਾਲੀ ਥਾਂ ਦੇ ਦਾਖਲਾ ਗੇਟ 'ਤੇ ਸੁਰੱਖਿਆ ਜਾਂਚ ਕਰ ਰਹੀ ਸੀ; ਉਹ ਵਿਅਕਤੀ ਉੱਥੇ ਹੀ ਡਿੱਗ ਪਿਆ। ਪੰਜਾਬ ਪੁਲਿਸ ਦੇ ਜਵਾਨਾਂ ਅਤੇ ਹੋਰ ਸੁਰੱਖਿਆ



ਅਮਲੇ ਨੇ ਉਸਨੂੰ ਪਾਣੀ ਪਿਲਾਇਆ ਅਤੇ ਸੀ.ਪੀ.ਆਰ. ਦਿੱਤੀ। ਰੈਲੀ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੀ ਮੌਜੂਦ ਸਨ। ਸ਼ਾਹ ਦੇ ਨਾਲ ਆਏ ਮੈਡੀਕਲ ਅਮਲੇ ਨੇ ਐਂਬੂਲੈਂਸ ਵਿੱਚ ਉਸਦੀ ਦੇਖਭਾਲ ਕੀਤੀ ਅਤੇ ਮੁੱਢਲੀ ਸਹਾਇਤਾ ਦਿੱਤੀ, ਪਰ ਉਸਦੀ ਜਾਨ ਨਹੀਂ ਬਚਾਈ ਜਾ ਸਕੀ। ਜਲੰਧਰ ਦਿਹਾਤੀ ਪੁਲਿਸ ਨੇ ਦੱਸਿਆ ਕਿ ਦੂਜੇ ਵਰਕਰ ਦੀ ਮੌਤ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਮ੍ਰਿਤਕਾਂ ਦੀ ਪਛਾਣ ਅਰਸ਼ਦੀਪ ਸਿੰਘ ਅਤੇ ਵਿਨੋਦ ਕੁਮਾਰ ਵਜੋਂ ਹੋਈ ਹੈ; ਉਨ੍ਹਾਂ ਦੇ ਰਿਹਾਇਸ਼ੀ ਸਥਾਨਾਂ ਦੀ ਅਜੇ ਪੁਸ਼ਟੀ ਨਹੀਂ ਹੋਈ ਹੈ। ਪੁਲਿਸ ਅਨੁਸਾਰ, ਪਹਿਲੇ ਵਰਕਰ ਦੀ ਮੌਤ ਹਸਪਤਾਲ ਵਿੱਚ ਇਲਾਜ ਦੌਰਾਨ ਹੋਈ। ਇਸੇ ਰੈਲੀ ਦੌਰਾਨ ਭਾਜਪਾ ਦੇ ਇੱਕ ਹੋਰ ਵਰਕਰ, ਵਿਨੋਦ ਕੁਮਾਰ, ਦੀ ਵੀ ਮੌਤ ਹੋ ਗਈ। ਪੁਲਿਸ ਦੋਵਾਂ ਮੌਤਾਂ ਦੇ ਕਾਰਨਾਂ ਅਤੇ ਹਾਲਾਤਾਂ ਦੀ ਜਾਂਚ ਕਰ ਰਹੀ ਹੈ। ਜਲੰਧਰ ਦਿਹਾਤੀ ਪੁਲਿਸ ਉਨ੍ਹਾਂ ਦੀ ਪਛਾਣ ਅਤੇ ਹੋਰ ਵੇਰਵਿਆਂ ਬਾਰੇ ਜਾਣਕਾਰੀ ਇਕੱਠੀ ਕਰ ਰਹੀ ਹੈ। ਭਾਜਪਾ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਰੈਲੀ ਦੇ ਮੰਚ ਤੋਂ ਦੋਵਾਂ ਵਰਕਰਾਂ ਦੀ ਮੌਤ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਭਾਜਪਾ ਦੇ ਦੋ ਵਰਕਰ, ਜੋ ਰੈਲੀ ਵਿੱਚ ਸ਼ਾਮਲ ਹੋਏ ਸਨ, ਹੁਣ ਉਨ੍ਹਾਂ ਵਿਚਕਾਰ ਨਹੀਂ ਰਹੇ। ਦੋਵਾਂ ਨੂੰ ਸ਼ਰਧਾਂਜਲੀ ਦਿੰਦਿਆਂ ਢਿੱਲੋਂ ਨੇ ਕਿਹਾ ਕਿ ਪਾਰਟੀ ਉਨ੍ਹਾਂ ਦੇ ਪਰਿਵਾਰਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੇ ਦੁੱਖ ਵਿੱਚ ਸ਼ਰੀਕ ਹੈ। ਦੋਵਾਂ ਵਰਕਰਾਂ ਨੂੰ "ਪੰਜਾਬ ਦੇ ਸ਼ਹੀਦ" ਦੱਸਦਿਆਂ ਉਨ੍ਹਾਂ ਨੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ।

## 2027 ਲਈ ਭਾਜਪਾ ਨੇ ਵਜਾਇਆ ਚੋਣ ਬਿਗੁਲ ! ਜਲੰਧਰ 'ਚ ਅਮਿਤ ਸ਼ਾਹ ਨੇ ਕੀਤੇ ਵੱਡੇ ਐਲਾਨ

**ਜਲੰਧਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅੱਜ ਜਲੰਧਰ ਪਹੁੰਚੇ, ਜਿੱਥੇ ਉਨ੍ਹਾਂ ਪਰਾਗਪੁਰ ਵਿਖੇ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਆਖਰੀ ਪੜਾਅ ਦੀ ਮਹਾਰੈਲੀ ਨੂੰ ਸੰਬੋਧਨ ਕੀਤਾ। ਆਪਣੇ ਸੰਬੋਧਨ ਵਿਚ ਗੁਰੂਆਂ ਦੀ ਧਰਤੀ ਨੂੰ ਪ੍ਰਣਾਮ ਕਰਦੇ ਹੋਏ ਅਮਿਤ ਸ਼ਾਹ ਨੇ ਕਿਹਾ ਕਿ ਜਲੰਧਰ 'ਚ ਆਉਣਾ ਮੇਰੇ ਲਈ ਖ਼ੁਸ਼ਿਕਮਸਤੀ ਵਾਲੀ ਗੱਲ ਹੈ ਪਰ ਨਸ਼ਾ ਖ਼ਤਮ ਕਰਨ ਲਈ ਮੇਰੇ ਲਈ ਇਥੇ ਆਉਣਾ ਵੱਡੀ ਭਾਗਾਂ ਵਾਲੀ ਗੱਲ ਹੈ। ਦੇਸ਼ ਦੀ ਆਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਸਾਡੇ ਸੂਬੇ ਪੰਜਾਬ ਨੇ ਦਿੱਤੀਆਂ ਹਨ। ਸਾਡੇ ਸੂਰਬੀਰਾਂ ਨੇ ਹਮੇਸ਼ਾ ਦੇਸ਼ ਦੀ ਸੁਰੱਖਿਆ ਕੀਤੀ ਹੈ। ਅਸੀਂ ਜੋ ਕਿਹਾ ਕਿ ਉਹ ਕਰਕੇ ਵਿਖਾਇਆ ਹੈ, ਕਸ਼ਮੀਰ ਨੂੰ ਅੱਤਵਾਦ ਤੋਂ ਮੁਕਤ ਕੀਤਾ ਹੈ। ਅਸੀਂ ਅੱਤਵਾਦ, ਨਕਸਲਵਾਦ ਦਾ ਖ਼ਾਤਮਾ ਕੀਤਾ ਹੈ। ਆਮ ਆਦਮੀ ਪਾਰਟੀ 'ਤੇ ਸ਼ਬਦੀ ਹਮਲੇ ਕਰਦੇ ਹੋਏ ਉਨ੍ਹਾਂ ਕਿਹਾ ਕਿ ਅੱਜ ਪੰਜਾਬ ਚਿੱਟੇ ਦੇ ਰੰਗ ਵਿਚ ਰੰਗਿਆ ਗਿਆ ਹੈ ਪਰ ਹੁਣ ਸਮਾਂ ਆ ਗਿਆ ਹੈ ਪੰਜਾਬ ਨੂੰ ਚਿੱਟਾ ਮੁਕਤ ਕੀਤਾ ਜਾਵੇ। ਮੈਂ ਪੰਜਾਬ ਦੇ ਨੌਜਵਾਨਾਂ ਅਤੇ ਮਾਵਾਂ ਨੂੰ ਕਹਿਣ ਆਇਆ ਹਾਂ ਕਿ 31 ਦਸੰਬਰ 2029 ਤੋਂ ਬਾਅਦ ਤੁਹਾਡੇ ਬੱਚਿਆਂ ਨੂੰ ਚਿੱਟਾ ਉਪਲੱਬਧ ਕਰਵਾਉਣ ਵਾਲਾ ਕੋਈ ਨਹੀਂ ਬਚੇਗਾ। ਉਨ੍ਹਾਂ ਕਿਹਾ ਕਿ ਭਾਜਪਾ ਸਿਰਫ਼ ਪੰਜਾਬ ਵਿਚ ਨਸ਼ੇ ਦੇ ਮੁੱਦੇ 'ਤੇ ਹੀ ਚੋਣ ਲੜੇਗੀ। ਉਨ੍ਹਾਂ ਕਿਹਾ ਕਿ ਇਕ ਮੌਕਾ ਭਾਜਪਾ ਨੂੰ ਦਿਓ ਅਤੇ ਭਾਜਪਾ ਦੀ ਸਰਕਾਰ ਬਣਾਓ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਕਰ ਦੇਵਾਂਗੇ। ਸਿਰਫ਼ ਭਾਜਪਾ ਹੀ ਹੈ ਜੋ ਪੰਜਾਬ ਵਿਚੋਂ ਨਸ਼ੇ ਨੂੰ ਖ਼ਤਮ ਕਰ ਸਕਦੀ ਹੈ। ਨਸ਼ੇ ਨੂੰ ਖ਼ਤਮ ਕਰਨਾ ਸਾਡੀ ਤਰਜੀਹ ਰਹੇਗੀ। ਕਾਂਗਰਸ ਦੇ ਰਾਜ ਵਿਚ 36 ਕਿਲੋ ਨਸ਼ਾ ਫੜਿਆ ਗਿਆ ਸੀ। ਮੈਂ ਇਥੇ ਕੋਈ ਰਾਜਨੀਤੀ ਦੀ ਗੱਲ ਨਹੀਂ ਕਰਨ ਆਇਆ। ਉਨ੍ਹਾਂ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਤੁਸੀਂ ਭਾਜਪਾ ਦਾ ਸਮਰਥਨ ਕਰੋ, ਅਸੀਂ 31 ਦਸੰਬਰ 2029 ਤੋਂ ਪਹਿਲਾਂ ਪੰਜਾਬ ਨੂੰ ਚਿੱਟੇ ਤੋਂ ਮੁਕਤ ਕਰਾਂਗੇ। ਮੈਂ ਪੀੜਤ ਪਰਿਵਾਰਾਂ ਨੂੰ ਮਿਲਣ ਆਇਆ ਹਾਂ। ਸਾਡੀ ਸਰਕਾਰ ਆਉਣ 'ਤੇ ਨੌਜਵਾਨਾਂ ਨੂੰ ਰੋਜ਼ਗਾਰ ਦਿੱਤਾ ਜਾਵੇਗਾ। ਅਮਿਤ ਸ਼ਾਹ ਨੇ ਕਿਹਾ ਕਿ ਜਿਸ ਤਰ੍ਹਾਂ ਉਨ੍ਹਾਂ ਦੀ ਸਰਕਾਰ ਨੇ ਦੇਸ਼ ਨੂੰ ਨਕਸਲਵਾਦ ਤੋਂ ਮੁਕਤ ਕਰਨ, ਕਸ਼ਮੀਰ ਦੀ ਸਮੱਸਿਆ ਹੱਲ ਕਰਨ ਅਤੇ ਉੱਤਰ-ਪੂਰਬ 'ਚ ਅੱਤਵਾਦ ਖ਼ਤਮ ਕਰਨ ਲਈ ਕੰਮ ਕੀਤਾ ਹੈ, ਉਸੇ ਤਰ੍ਹਾਂ ਹੁਣ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੀ ਵਾਰੀ ਹੈ। ਉਨ੍ਹਾਂ ਦਾਅਵਾ ਕੀਤਾ ਕਿ 2029 ਤੋਂ ਬਾਅਦ ਪੰਜਾਬ 'ਚ ਚਿੱਟਾ ਵੇਚਣ ਵਾਲਾ ਕੋਈ ਨਹੀਂ ਬਚੇਗਾ ਅਤੇ ਇਸ ਨੂੰ ਭਾਜਪਾ ਦਾ ਵਾਅਦਾ ਦੱਸਿਆ। ਐੱਮ. ਐੱਸ. ਪੀ. ਮੁੱਦੇ 'ਤੇ ਬੋਲਦੇ ਹੋਏ ਅਮਿਤ ਸ਼ਾਹ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਐੱਮ. ਐੱਸ. ਪੀ. ਵਾਲਾ ਵਾਅਦਾ ਪੂਰਾ ਨਹੀਂ ਕੀਤਾ। ਕਿਸਾਨਾਂ ਲਈ ਅਮਿਤ ਸ਼ਾਹ ਨੇ ਵੱਡਾ ਐਲਾਨ ਕਰਦੇ ਹੋਏ ਕਿਹਾ ਕਿ ਪੰਜਾਬ 'ਚ ਕਿਸਾਨਾਂ ਦੀਆਂ ਪਰੇਸ਼ਾਨੀਆਂ ਦਾ ਹੱਲ ਕੀਤਾ ਜਾਵੇਗਾ। ਹਰਿਆਣਾ 'ਚ ਕਿਸਾਨਾਂ ਨੂੰ ਐੱਮ. ਐੱਸ. ਪੀ. ਦਿੱਤੀ ਜਾ ਰਹੀ। ਪੰਜਾਬ ਦੀ ਵਿੱਤੀ ਹਾਲਤ ਨੂੰ ਠੀਕ ਕੀਤਾ ਜਾਵੇਗਾ। ਭਾਜਪਾ ਦੀ 'ਨਸ਼ਾ ਮੁਕਤ ਯਾਤਰਾ' 18 ਸਤੰਬਰ ਤੋਂ ਸ਼ੁਰੂ ਹੋਈ ਸੀ। ਪਾਰਟੀ ਮੁਤਾਬਕ ਚਾਰ ਯਾਤਰਾਵਾਂ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ 'ਚੋਂ ਲੰਘਦਿਆਂ ਲਗਭਗ 4,000 ਕਿਲੋਮੀਟਰ ਦਾ ਸਫ਼ਰ ਤੈਅ ਕਰਕੇ ਜਲੰਧਰ ਪਹੁੰਚੀਆਂ ਹਨ। ਹੁਣ ਇਸ ਮੁਹਿੰਮ ਦੀ ਸਮਾਪਤੀ ਰੈਲੀ 'ਚ ਅਮਿਤ ਸ਼ਾਹ ਦੇ ਸ਼ਾਮਲ ਹੋਣ ਨਾਲ ਇਸ ਮੁੱਦੇ ਨੂੰ ਹੋਰ ਸਿਆਸੀ ਤੌਰ 'ਤੇ ਉਭਾਰਿਆ ਜਾ ਰਿਹਾ ਹੈ। ਜਲੰਧਰ ਨੂੰ ਇਸ ਮੁਹਿੰਮ ਦੇ ਅੰਤਿਮ ਪੜਾਅ ਲਈ ਚੁਣਨਾ ਵੀ ਆਪਣੇ ਆਪ 'ਚ ਮਹੱਤਵਪੂਰਨ ਹੈ। ਜਲੰਧਰ ਦੋਆਬੇ ਦੀ ਸਿਆਸਤ ਦਾ ਇਕ ਅਹਿਮ ਕੇਂਦਰ ਹੈ ਅਤੇ ਇਥੇ ਵੱਡੀ ਗਿਣਤੀ 'ਚ ਐੱਨ. ਆਰ. ਆਈ. ਪਰਿਵਾਰ ਵੀ ਰਹਿੰਦੇ ਹਨ। ਇਸ ਰੈਲੀ ਮੌਕੇ ਇਕਬਾਲ ਸਿੰਘ ਲਾਲਪੁਰਾ, ਅਸ਼ਵਨੀ ਸ਼ਰਮਾ, ਸੰਦੀਪ ਪਾਠਕ, ਸੁਨੀਲ ਜਾਖੜ, ਮਨੋਰੰਜਨ ਕਾਲੀਆ, ਪਰਨੀਤ ਕੌਰ, ਕੇਵਲ ਸਿੰਘ ਢਿੱਲੋਂ, ਰਵਨੀਤ ਸਿੰਘ ਬਿੱਟੂ, ਹਰਭਜਨ ਸਿੰਘ, ਤੀਕਸ਼ਨ ਸੂਦ, ਮਨਪ੍ਰੀਤ ਸਿੰਘ ਬਾਦਲ ਸਮੇਤ ਕਈ ਵੱਡੇ ਆਗੂਆਂ ਸਮੇਤ ਸਮੂਚੀ ਲੀਡਰਸ਼ਿਪ ਮੌਜੂਦ ਰਹੀ।



## ਥਾਪਿਆ ਲਹਿਣਾ ਜੀਂਵਦੇ ਗੁਰਿਆਈ ਸਿਰਿ ਛਤ੍ਰ ਫਿਰਾਇਆ।

# ਸਾਹਿਬ ਸ੍ਰੀ ਗੁਰੂ ਅੰਗਦ ਦੇਵ ਜੀ

## ਅੱਜ ਗੁਰਗੱਦੀ ਦਿਵਸ 'ਤੇ ਵਿਸ਼ੇਸ਼

ਸੇਵਾ ਅਤੇ ਸਿਮਰਨ ਦੀ ਮੂਰਤ ਸਾਹਿਬਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ 1504 ਨੂੰ ਪਿਤਾ ਭਾਈ ਫੇਰੂ ਮੱਲ ਜੀ ਤੇ ਮਾਤਾ ਰਾਮੋਂ ਜੀ(ਮਾਤਾ ਦਇਆ ਕੌਰ ਜੀ) ਦੇ ਉੱਦਰ ਤੋਂ ਪਿੰਡ ਮੱਤੇ ਦੀ ਸਰਾਂ ਜਿਲ੍ਹਾ ਫਿਰੋਜ਼ਪੁਰ (ਹੁਣ ਮੁਕਤਸਰ)ਵਿੱਚ ਅੰਮ੍ਰਿਤ ਵੇਲੇ ਹੋਇਆ। ਆਪ ਜੀ ਦਾ ਨਾਂ ਲਹਿਣਾ ਰੱਖਿਆ ਗਿਆ। ਉਹ ਸਮਾਂ ਮੁਗਲ ਰਾਜ ਦਾ ਸਮਾਂ ਸੀ। ਆਪ ਦੇ ਪਿਤਾ ਬਹੁਤ ਹੀ ਨੇਕ ਦਿਲ, ਸਾਊ ਤੇ ਸ਼ਾਤ ਸੁਭਾਅ ਦੇ ਮਾਲਕ ਸਨ। ਆਪ ਦੇ ਪਿਤਾ ਇੱਕ ਦੇਵੀ ਭਗਤ ਸਨ। ਹਰ ਸਾਲ ਸੰਗਤਾਂ ਨਾਲ ਦੇਵੀ ਦਰਸ਼ਨਾਂ ਨੂੰ ਜਾਂਦੇ ਸਨ। ਆਪ ਦੇ ਪਿਤਾ ਇੱਕ ਚੰਗੇ ਵਿਦਵਾਨ ਤੇ ਹਿਸਾਬੀ ਕਿਤਾਬੀ ਪੁਰਸ਼ ਸਨ। ਆਪ ਨੇ ਵੀ ਆਪਣੇ ਪਿਤਾ ਪਾਸੋਂ ਹੀ ਵਿਦਿਆ ਪ੍ਰਾਪਤ ਕਰਕੇ ਹਿਸਾਬ, ਸੰਸਕ੍ਰਿਤ ਤੇ ਗੁਰਮੁੱਖੀ ਆਦਿ ਵਿੱਚ ਬਹੁਤ ਚੰਗੀ ਤਰ੍ਹਾਂ ਨਿਪੁੰਨਤਾ ਹਾਸਲ ਕਰ ਲਈ ਸੀ ਤੇ ਆਪਣੇ ਪਿਤਾ ਨਾਲ ਹੀ ਦੁਕਾਨਦਾਰੀ ਦੇ ਕੰਮ ਵਿੱਚ ਹੱਥ ਵਟਾਂਉਂਦੇ ਸਨ।

ਆਪ ਦਾ ਵਿਆਹ ਮਾਤਾ ਖੀਵੀ ਜੀ ਨਾਲ ਹੋ ਗਿਆ। ਮਾਤਾ ਖੀਵੀ ਜੀ ਵੀ ਬਹੁਤ ਹੀ ਨੇਕ ਦਿਲ ਇਸਤਰੀ, ਸ਼ਾਤ ਸੁਭਾਅ ਦੇ ਮਾਲਕ ਤੇ ਮਿੱਠ ਬੋਲੜੇ ਸਨ। ਭਾਈ ਲਹਿਣਾ ਜੀ ਦੇ ਘਰ ਮਾਤਾ ਖੀਵੀ ਜੀ ਦੀ ਕੁੱਖੋਂ ਦੋ ਪੁੱਤਰ ਦਾਤੂ ਜੀ,ਦਾਸੂ ਜੀ ਤੇ ਦੋ ਪੁੱਤਰੀਆਂ ਬੀਬੀ ਅਮਰੋਂ ਜੀ ਤੇ ਬੀਬੀ ਅਨੋਖੀ ਜੀ ਨੇ ਜਨਮ ਲਿਆ। ਜਦ 1526 ਨੂੰ ਬਾਬਰ ਨੇ ਭਾਰਤ ਤੇ ਹਮਲਾ ਕੀਤਾ ਤਾਂ ਆਪ ਦੇ ਪਿੰਡ ਮੱਤੇ ਦੀ ਸਰ੍ਹਾਂ ਤੇ ਵੀ ਬਾਬਰ ਨੇ ਹਮਲਾ ਕਰਕੇ ਪਿੰਡ ਤਹਿਸ ਨਹਿਸ ਕਰ ਦਿੱਤਾ। ਤਬਾਹੀ ਤੋਂ ਬਾਅਦ ਜਦ ਫਿਰ ਪਿੰਡ ਵੱਸਿਆ ਤਾਂ ਇਸ ਪਿੰਡ ਦਾ ਨਾਂ ਬਦਲ ਕੇ ਨਾਗੇ ਦੀ ਸਰਾਇ ਹੋ ਗਿਆ। ਆਪ ਆਪਣੇ ਪਿਤਾ ਵਾਂਗ ਹਰ ਸਾਲ ਸੰਗਤਾਂ ਨਾਲ ਦੇਵੀ ਦਰਸ਼ਨਾਂ ਨੂੰ ਜਾਂਦੇ ਸਨ। ਇੱਕ ਦਿਨ ਆਪ ਦੀ ਦੁਕਾਨ ਅੱਗਿਉਂ ਗੁਰੂ ਨਾਨਕ ਦੇ ਸਿੱਖ ਭਾਈ ਜੋਧਾ ਜੀ ਤੇ ਭਾਈ ਫਿਰਨਾ ਜੀ ਆਸਾ ਦੀ ਵਾਰ ਦਾ ਪਾਠ ਕਰਦੇ ਲੰਘੇ ਤਾਂ ਆਪ ਜੀ ਦੇ ਪੁੱਛਣ ਤੇ ਭਾਈ ਜੋਧਾ ਜੀ ਨੇ ਦੱਸਿਆ ਕਿ ਇਹ ਗੁਰੂ ਨਾਨਕ ਜੀ ਦੀ ਬਾਣੀ ਹੈ ਜੋ ਇਸ ਸਮੇਂ ਕਰਤਾਰਪੁਰ ਵਿੱਚ ਜੀਵਾਂ ਦਾ ਉਧਾਰ ਕਰ ਰਹੇ ਹਨ।

ਆਪ ਜੀ ਨੂੰ ਗੁਰੂ ਚਰਨਾਂ ਦੀ ਖਿੱਚ ਹੋਈ ਤੇ ਰਾਤ ਦਿਨ ਆਪ ਦਾ ਮਨ ਗੁਰੂ ਚਰਨਾਂ ਨੂੰ ਬਿਹਬਲ ਹੋ ਉੱਠਿਆ ਕਿ ਜਦ ਜਵਾਲਾ ਜੀ ਦੇ ਦਰਸ਼ਨਾਂ ਨੂੰ ਜਾਵਾਂਗਾ ਤਾਂ ਰਸਤੇ ਵਿੱਚ ਗੁਰੂ ਨਾਨਕ ਦੇਵ ਜੀ ਦੇ ਵੀ ਦਰਸ਼ਨ ਕਰਦਾ ਜਾਵਾਂਗਾ। ਜਦ ਆਪ ਦੇਵੀ ਦਰਸ਼ਨਾਂ ਨੂੰ ਸੰਗਤਾਂ ਨਾਲ ਤੁਰੇ ਤਾਂ ਕਰਤਾਰਪੁਰ ਪਹੁੰਚ ਕੇ ਆਪ ਜੀ ਨੇ ਸਾਥੀਆਂ ਨੂੰ ਅਰਾਮ ਕਰਨ ਲਈ ਕਿਹਾ ਤੇ ਆਪ ਗੁਰੂ ਦਰਸ਼ਨਾਂ ਨੂੰ ਤੁਰ ਪਏ।

ਉਧਰ ਜਾਣੀ-ਜਾਣ ਸਤਿਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਵੀ ਆਪ ਨੂੰ ਅਗਲਵਾਂਡੀ ਲੈਣ ਲਈ ਘਰੋਂ ਤੁਰ ਪਏ। ਰਸਤੇ ਵਿੱਚ ਟਾਕਰਾ ਹੋ ਗਿਆ ਤਾਂ ਆਪ ਨੇ ਗੁਰੂ ਨਾਨਕ ਦੇਵ ਜੀ ਤੋਂ ਹੀ ਉਹਨਾਂ ਦੇ ਘਰ ਦਾ ਰਸਤਾ ਪੁੱਛਿਆ ਤਾਂ ਉਸ ਸਮੇਂ ਆਪ ਘੋੜੀ ਉੱਪਰ ਬੈਠੇ ਹੋਏ ਸਨ।ਗੁਰੂ ਨਾਨਕ ਜੀ ਕਹਿਣ ਲੱਗੇ 'ਤੁਸੀ ਮੇਰੇ ਮਗਰ ਆਉ।'ਜਦ ਆਪ ਨੇ ਘਰ ਪਹੁੰਚ ਕੇ ਘੋੜੀ ਕਿੱਲੇ ਨਾਲ ਬੰਨ੍ਹੀ ਤੇ ਅੰਦਰ ਪਹੁੰਚ ਕੇ ਗੁਰੂ ਸਹਿਬਾਂ ਦੇ ਦਰਸ਼ਨ ਕੀਤੇ ਤਾਂ ਬੜੇ ਸ਼ਰਮਸਾਰ ਹੋਏ। ਮਾਫੀ ਮੰਗੀ ਕਿ ਮੇਰੇ ਕੋਲੋਂ ਭੁੱਲ ਹੋ ਗਈ ਹੈ। ਆਪ ਜੀ ਖਿਮਾਂ ਕਰੋ। ਮੈਂ ਘੋੜੀ ਤੇ, ਤੇ ਆਪ ਜੀ ਪੈਦਲ,ਮੈਂ ਅਣਜਾਣ ਸਾਂ ਤਾਂ ਗੁਰੂ ਜੀ ਬੋਲੇ ਕਿ 'ਭਾਈ, ਤੇਰਾ ਨਾਂਉ ਕੀ ਹੈ ?'ਆਪ ਜੀ ਨੇ ਨਿਮਰਤਾ ਸਹਿਤ ਉੱਤਰ ਦਿੱਤਾ ਕਿ 'ਮੇਰਾ ਨਾਮ ਲਹਿਣਾ ਹੈ' ਤਾਂ ਗੁਰੂ ਨਾਨਕ ਜੀ ਕਹਿਣ ਲੱਗੇ 'ਭਾਈ, ਲਹਿਣੇਦਾਰ ਘੋੜੀਆਂ ਤੇ ਹੀ ਆਉਂਦੇ ਹਨ।'ਆਪ ਨੇ ਰਾਤ ਉੱਥੇ ਹੀ ਵਿਸ਼ਰਾਮ ਕੀਤਾ। ਰਾਤ ਨੂੰ ਆਪ ਨੂੰ ਸੁਪਨਾ ਆਇਆ ਕਿ ਜਿਸ ਦੇਵੀ ਦੇ ਦਰਸ਼ਨਾਂ ਨੂੰ ਆਪ ਜਾਂਦੇ ਸਨ, ਉਹ ਦੇਵੀ ਗੁਰੂ ਨਾਨਕ ਜੀ ਦੇ ਦਰਬਾਰ ਵਿੱਚ ਝਾੜੂ ਲਾ ਰਹੀ ਹੈ। ਲਹਿਣਾ ਜੀ ਦੇ ਪੁੱਛਣ ਤੇ ਉਸ ਦੇਵੀ ਨੇ ਦੱਸਿਆ ਕਿ 'ਮੈਂ ਗੁਰੂ ਨਾਨਕ ਦੇ ਦਰਬਾਰ ਦੀ ਝਾੜੂ ਬਰਦਾਰ ਹਾਂ।'

ਤਬ ਦੇਵੀ ਮੁਖ ਬਚਨ ਪ੍ਰਗਾਸੀ।ਗੁਰੂ ਨਾਨਕ ਕੀ ਮੈਂ ਹੋਂ ਦਾਸੀ।।

ਤਾਂ ਆਪ ਗੁਰੂ ਘਰ ਦੇ ਹੀ ਹੋ ਕੇ ਰਹਿ ਗਏ। ਇਸ ਪਹਿਲੀ ਮਿਲਣੀ ਨੂੰ ਭੱਟ ਕਲ੍ਹਸਾਰ ਜੀ ਨੇ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਬਹੁ ਸੁੰਦਰ ਤਰੀਕੇ ਨਾਲ ਚਿਤਰਿਆ ਹ:

ਸਤਿਗੁਰੂ ਧੰਨੁ ਨਾਨਕ, ਮਸਤਕਿ ਤੁਮ, ਧਰਿਓ ਜਿਨਿ ਹਥੋ।।<br>
ਤ ਧਰਿਓ ਮਸਤਕਿ ਹਥੁ ਸਹਜਿ, ਅਮਿਉ ਵੁਠਉ ਛਜਿ।।<br>
ਸੁਰ ਨਰ ਗਣ ਮੁਨਿ ਬੋਹਿਯ ਅਗਾਜਿ।।

ਕਿ ਧੰਨ ਹਨ ਸਤਿਗੁਰੂ ਨਾਨਕ ਦੇਵ ਜੀ ਜਿੰਨ੍ਹਾਂ ਗੁਰੂ ਅੰਗਦ ਦੇਵ ਜੀ ਦੇ ਮੱਥੇ ਤੇ ਆਪਣਾ ਪਾਵਨ ਹੱਥ ਰੱਖਿਆ ਅਤੇ ਹੱਥ ਰੱਖਦੇ ਸਾਰ ਹੀ ਹਿਰਦੇ ਵਿੱਚ ਨਾਮ ਅੰਮ੍ਰਿਤ ਦੀ ਛਹਿਬਰ ਲੱਗ ਗਈ। ਉੱਥੇ ਕਾਫੀ ਸਮਾਂ ਗੁਰੂ ਚਰਨਾਂ ਵਿੱਚ ਰਹਿ ਕੇ ਸੇਵਾ ਸਿਮਰਨ ਕੀਤਾ ਤੇ ਗੁਰੂ ਘਰ ਦੀ ਮਹਿਮਾ ਨੂੰ ਹੋਰ ਨੇੜੇ ਤੋਂ ਜਾਣਨ ਦਾ ਸੁਭਾਗ ਪ੍ਰਾਪਤ ਹੋਇਆ। ਜਾਣੀ-ਜਾਣ ਸਤਿਗੁਰੂ ਜੀ ਨੇ ਆਪ ਨੂੰ ਆਪਣੇ ਘਰ ਫੇਰਾ ਮਾਰ ਕੇ ਆਉਣ ਲਈ ਕਿਹਾ।ਆਪ ਨੇ ਘਰ ਵਾਪਸ ਪਹੁੰਚ ਕੇ ਦੁਕਾਨਦਾਰੀ ਦੀ ਜ਼ਿੰਮੇਵਾਰੀ ਵੱਡੇ ਪੁੱਤਰ ਨੂੰ ਸੌਂਪੀ ਤੇ ਬੀਬੀ ਅਮਰੋ ਜੀ ਦਾ ਵਿਆਹ ਪਿੰਡ ਬਾਸਰਕੇ ਭਾਈ ਅਮਰਦਾਸ ਜੀ (ਗੁਰੂ ਅਮਰਦਾਸ ਜੀ) ਦੇ ਛੋਟੇ ਭਰਾ ਮਾਣਕ ਚੰਦ ਜੀ ਦੇ ਪੁੱਤਰ ਬਾਬਾ ਜਸੂ ਜੀ ਨਾਲ ਕੀਤਾ ਤੇ ਵਾਪਸ ਗੁਰੂ ਚਰਨਾਂ ਵਿੱਚ ਆ ਗਏ।

ਆਪ ਜੀ ਨੇ ਗੁਰੂ ਨਾਨਕ ਜੀ ਦੇ ਹਰ ਬਚਨ ਨੂੰ ਸਤਿ




ਕਹਿ ਕੇ ਮੰਨਿਆ।ਭਾਵੇਂ ਗੁਰੂ ਨਾਨਕ ਜੀ ਦੇ ਦੋਵੇਂ ਪੁੱਤਰ ਉਹਨਾਂ ਦੀ ਘਸਵੱਟੀ ਤੇ ਖਰੇ ਨਹੀ ਉੱਤਰੇ। ਪਰ ਭਾਈ ਲਹਿਣਾ ਜੀ ਹਰ ਵਾਰ ਪਰਖ ਵਿੱਚ ਖਰੇ ਉੱਤਰਦੇ ਰਹੇ।ਭਾਈ ਲਹਿਣਾ ਜੀ ਨੇ ਗੁਰੂ ਨਾਨਕ ਦੇ ਘਰ ਦੀ ਸੱਤ ਸਾਲ ਸੇਵਾ ਕੀਤੀ।ਅੰਤ ਭਾਈ ਲਹਿਣਾ ਜੀ ਦੀ ਸੇਵਾ ਸਫਲ ਹੋਈ ਤੇ ਗੁਰੂ ਨਾਨਕ ਜੀ ਨੇ ਖੁਸ਼ ਹੋ ਕੇ 1539 ਨੂੰ ਇੱਕ ਨਾਰੀਅਲ ਤੇ ਪੰਜ ਪੈਸੇ ਮੱਥਾ ਟੇਕ ਕੇ ਗੁਰਿਆਈ ਦਾ ਤਿਲਕ ਤੇ ਆਪਣੇ ਅੰਗ ਨਾਲ ਲਗਾ ਕੇ 'ਗੁਰੂ ਅੰਗਦ ਦੇਵ' ਬਣਾ ਦਿੱਤਾ। ਭਾਈ ਗੁਰਦਾਸ ਜੀ ਲਿੱਖਦੇ ਹਨ ਕਿ

ਪਾਰਬ੍ਰਹਮੁ ਪੂਰਨੁ ਬ੍ਰਹਮੁ ਸਬਦੁ ਸੁਰਤਿ ਲਿਵ ਅਲਖ ਲਖਾਇਆ।<br>
ਬਾਬਣੈ ਗੁਰ ਅੰਗਦੁ ਆਇਆ।

ਭਾਵ ਕਿ ਪਾਰਬ੍ਰਹਮ ਪੂਰਨ ਬ੍ਰਹਮ ਨੂੰ ਸ਼ਬਦ ਦੀ ਸੁਰਤ ਵਿਖੇ ਲਿਵ ਲਗਾਕੇ ਅਲਖ ਲਖਾ ਦਿੱਤਾ। ਬਾਬੇ ਦੇ ਸਰੂਪ ਵਿੱਚ ਗੁਰੂ ਅੰਗਦ ਆਇਆ।

ਥਾਪਿਆ ਲਹਿਣਾ ਜੀਂਵਦੇ ਗੁਰਿਆਈ ਸਿਰਿ ਛਤ੍ਰ ਫਿਰਾਇਆ।<br>
ਜੋਤੀ ਜੋਤਿ ਮਿਲਾਇ ਕੈ ਸਤਿਗੁਰ ਨਾਨਕਿ ਰੂਪੁ ਵਟਾਇਆ।<br>
( ਵਾਰ ਪਹਿਲੀ, ਪਉੜੀ 45ਵੀਂ)

ਗੁਰੂ ਨਾਨਕ ਦੇਵ ਜੀ ਦੇ ਕਹਿਣ ਅਨੁਸਾਰ ਆਪ ਵਾਪਸ ਖਡੂਰ ਸਾਹਬ ਆ ਕੇ ਰਹਿਣ ਲੱਗ ਪਏ।ਇੱਥੇ ਆਪ ਮਾਈ ਭਰਾਈ ਦੇ ਗ੍ਰਿਹ ਗੁੱਪਤਵਾਸ ਹੋ ਕੇ ਤਪ ਕਰਨ ਲੱਗੇ। ਸੰਗਤਾਂ ਆਪ ਜੀ ਦੇ ਦਰਸ਼ਨਾਂ ਨੂੰ ਬਿਹਬਲ ਹੋ ਉੱਠੀਆਂ।ਇੱਕ ਦਿਨ ਭਾਈ ਭਗੀਰਥ ਜੀ,ਭਾਈ ਬੂੜਾ ਕਲਾਲ ਜੀ,ਭਾਈ ਧੀਰੋ ਜੀ, ਭਾਈ ਅਜਿੱਤਾ ਰੰਧਾਵਾ ਜੀ ਤੇ ਭਾਈ ਸਧਾਰਨ ਜੀ ਪੰਜ ਸਿੱਖਾਂ ਦੇ ਬੇਨਤੀ ਕਰਨ ਤੇ ਬਾਬਾ ਬੁੱਢਾ ਜੀ ਨੇ ਅੰਤਰ ਧਿਆਨ ਹੋ ਕੇ ਵੇਖਿਆ ਤਾਂ ਦੱਸ਼ਿਆ ਕਿ ਗੁਰੂ ਜੀ ਖਡੂਰ ਸਾਹਬ ਮਾਈ ਭਰਾਈ ਜੀ ਦੇ ਗ੍ਰਿਹ ਵਿਖੇ ਬਿਰਾਜਮਾਨ ਹਨ। ਸਭ ਸੰਗਤਾਂ ਗੁਰੂ ਜੀ ਦੇ ਦਰਸ਼ਨਾਂ ਨੂੰ ਉੱਮੜ ਪਈਆਂ ਤੇ ਸੰਗਤਾਂ ਦੇ ਬੇਨਤੀ ਕਰਨ ਤੇ ਆਪ ਸੰਗਤਾਂ ਦੇ ਸਨਮੁੱਖ ਹੋਏ। ਸੰਗਤਾਂ ਬਾਬਾ ਬੁੱਢਾ ਜੀ ਨਾਲ ਮਿਲ ਕੇ ਗੁਰੂ ਨਾਨਕ ਜੀ ਦੀ ਬਾਣੀ ਦਾ ਜਾਪ ਕਰ ਰਹੀਆਂ ਸਨ, ਸੁਣ ਕੇ ਆਪ ਅਤਿ ਪ੍ਰਸੰਨ ਹੋਏ ਤੇ ਮਾਤਾ ਖੀਵੀ ਜੀ ਨੂੰ ਕਿਹਾ ਕਿ ਗੁਰੂ ਜੀ ਨੇ ਜੋ ਕੜਛਾ ਤੁਹਾਨੂੰ ਬਖਸ਼ਿਆ ਹੈ, ਉਸ ਨਾਲ ਲੰਗਰ ਬਣਾਉ, ਸੰਗਤਾਂ ਨੂੰ ਲੰਗਰ ਪਾਣੀ ਛਕਾਉ, ਕੋਈ ਭੁੱਖਾ ਨਾ ਜਾਵੇ।

ਗੁਰੂ ਅੰਗਦ ਦੇਵ ਜੀ ਨੇ 'ਮਹਾਜਨੀ ਲਿਪੀ' ਦਾ ਸੁਧਾਰ ਕਰਕੇ 'ਗੁਰਮੁੱਖੀ ਲਿਪੀ' ਦੀ ਰਚਨਾ ਕੀਤੀ। ਗੁਰਮੁੱਖੀ ਲਿਪੀ ਦੇ ਪਾਸਾਰ ਤੇ ਪ੍ਰਚਾਰ ਲਈ ਗੁਰਮੁੱਖੀ ਵਰਣਮਾਲਾ ਵਿੱਚ ਬੱਚਿਆ ਲਈ 'ਬਾਲ-ਬੋਧ' ਦੀ ਵੀ ਰਚਨਾ ਕੀਤੀ। ਦਰੱਖਤਾਂ ਦੀ ਛਾਵੇਂ ਆਪ ਬਾਲਕਾਂ ਨੂੰ ਗੁਰਮੁੱਖੀ ਪੜ੍ਹਾਉਂਦੇ ਤੇ ਲਿਖਾਉਂਦੇ ਸਨ।'ਗੁਰਮੁੱਖੀ ਲਿਪੀ' ਗੁਰੂ ਅੰਗਦ ਦੇਵ ਜੀ ਦੀ ਹੀ ਦੇਣ ਹੈ।ਇੱਥੇ ਹੀ ਆਪ ਨੇ ਸਰੀਰਕ ਕਸਰਤ ਨੂੰ ਉਤਸ਼ਾਹਿਤ ਕਰਨ ਲਈ ਇੱਕ ਅਖਾੜਾ ਬਣਵਾਇਆ।(ਇੱਥੇ ਗੁਰਦੁਆਰਾ ਅਖਾੜਾ ਸਾਹਿਬ ਸੁਸ਼ੋਭਿਤ ਹੈ)ਘੋਲ, ਕੁਸ਼ਤੀਆਂ,ਕਬੱਡੀ ਤੇ ਹੋਰ ਤਰ੍ਹਾਂ ਤਰ੍ਹਾਂ ਦੀਆਂ ਜ਼ੋਰ ਅਜ਼ਮਾਈ ਵਾਲੀਆਂ ਖੇਡਾਂ ਵੀ ਕਰਵਾਈਆਂ। ਛਿੰਜਾਂ ਪਾਉਂਦੇ ਤੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਲਈ ਇਨਾਮ ਵੀ ਦਿੰਦੇ। ਜਦ 1540 ਨੂੰ ਆਪ ਖਡੂਰ ਸਾਹਿਬ ਵਿੱਚ ਹੀ ਸਨ ਤਾਂ ਸ਼ੇਰ ਸ਼ਾਹ ਸੂਰੀ ਹੱਥੋਂ ਹਾਰ ਖਾ ਕੇ ਭੱਜੇ ਆਉਂਦੇ ਹਮਾਯੂੰ ਨੂੰ ਨਿਮਰਤਾ ਦਾ ਪਾਠ ਪੜ੍ਹਾ ਕੇ ਉਸਦਾ ਹੰਕਾਰ ਤੋੜਿਆ। ਜਦੋਂ ਹੰਮਾਯੂ ਖਡੂਰ ਸਾਹਿਬ ਆਇਆ ਤਾਂ ਗੁਰੂ ਅੰਗਦ ਦੇਵ ਜੀ ਬੱਚਿਆਂ ਦੀਆਂ ਖੇਡਾਂ ਕਰਵਾ ਰਹੇ ਸਨ। ਗੁਰੂ ਜੀ ਨੇ ਹੰਮਾਯੂ ਵੱਲ ਕੋਈ ਧਿਆਨ ਨਾ ਦਿੱਤਾ ਤਾਂ ਗੁੱਸੇ ਵਿੱਚ ਹੰਮਾਯੂ ਨੇ ਤਲਵਾਰ ਨੂੰ ਹੱਥ ਪਾ ਲਿਆ ਤਾਂ ਗੁਰੂ ਅੰਗਦ ਦੇਵ ਜੀ ਨੇ ਹੰਮਾਯੂ ਨੂੰ ਕਿਹਾ ਕਿ ਸ਼ੇਰ ਸ਼ਾਹ ਸੂਰੀ ਕੋਲੋਂ ਤੂੰ ਹਾਰ ਖਾ ਕੇ ਭੱਜ ਆਇਆਂ ਹੈ , ਉੱਥੇ ਤੇਰੀ ਤਲਵਾਰ ਨੂੰ ਕੀ ਹੋ ਗਿਆ ਸੀ। ਭਾਈ ਸੰਤੋਖ ਸਿੰਘ ਜੀ ਲਿੱਖਦੇ ਹਨ ਕਿ:

**ਤਬਿ ਸ੍ਰੀ ਅੰਗਦਿ ਕਰਿ ਉਤ ਨੈਨ।ਦੀਨ ਭਣੋ ਪਿਖ ਉਚਰੇ ਬੈਨ।**<br>
**'ਸ਼ੇਰ ਸ਼ਾਹ ਸੋਂ ਕਛੁ ਨ ਬਸਾਯੋ। ਖੜਗ ਹਤਨ ਹਮ ਪਰ ਚਲ ਆਯੋ।**

ਸ੍ਰੀ ਗੁਰੂ ਅੰਗਦ ਦੇਵ ਜੀ ਨੇ ਆਪ 9 ਵਾਰਾਂ ਵਿੱਚ ਅੰਕਿਤ 63 ਸਲੋਕਾਂ ਦੀ ਰਚਨਾਂ ਕੀਤੀ ਜੋ ਮਹਾਨ ਗ੍ਰੰਥ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਹਨ।

**-ਧਰਮਿੰਦਰ ਸਿੰਘ (ਚੱਬਾ)**

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੜ੍ਹੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV





ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਅਮਿਤ ਸ਼ਾਹ ਨੇ ਪੰਜਾਬ ਦੇ ਦਰਦ ਦੀ ਨਬਜ਼ 'ਤੇ ਹੱਥ ਰੱਖਿਆ

# ਨਸ਼ਾ ਸਿਆਸੀ ਵਿਚਾਰ-ਵਟਾਂਦਰੇ ਦੇ ਕੇਂਦਰ 'ਚ ਆਇਆ: ਪ੍ਰੋ. ਸਰਚਾਂਦ ਸਿੰਘ ਖਿਆਲਾ

**☛ ਨਸ਼ਾ ਮੁਕਤ ਪੰਜਾਬ ਬਾਰੇ 'ਆਪ' ਸਰਕਾਰ ਦੇ ਦਾਅਵਿਆਂ ਦੀ ਹਕੀਕਤ ਸਾਹਮਣੇ ਆਈ: ਪ੍ਰੋ. ਸਰਚਾਂਦ ਸਿੰਘ ਖਿਆਲਾ ☛ 'ਆਪ' ਸਰਕਾਰ ਦੌਰਾਨ ਚਿੱਟੇ ਦਾ ਧੰਦਾ ਫੈਲਿਆ; ਪੰਜਾਬ ਦੀ ਜਵਾਨੀ ਨੂੰ ਨਸ਼ੇ ਤੋਂ ਬਚਾਉਣਾ ਭਾਜਪਾ ਦੀ ਸਭ ਤੋਂ ਵੱਡੀ ਤਰਜੀਹ।**



**ਅੰਮ੍ਰਿਤਸਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵੱਲੋਂ ਜਲੰਧਰ ਵਿੱਚ 'ਨਸ਼ਾ ਮੁਕਤ ਪੰਜਾਬ ਯਾਤਰਾ' ਦੀ ਸਮਾਪਤੀ ਮੌਕੇ ਇਹ ਸਪਸ਼ਟ ਕਰਨਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਭਾਜਪਾ ਲਈ ਨਸ਼ਾ ਮੁਕਤ ਪੰਜਾਬ ਇੱਕ ਕੇਂਦਰੀ ਮੁੱਦਾ ਹੋਵੇਗਾ, ਪੰਜਾਬ ਦੇ ਸਭ ਤੋਂ ਗੰਭੀਰ ਸਮਾਜਿਕ ਸੰਕਟ ਨੂੰ ਸਿੱਧੇ ਤੌਰ 'ਤੇ ਸਿਆਸੀ ਵਿਚਾਰ-ਵਟਾਂਦਰੇ ਦੇ ਕੇਂਦਰ ਵਿੱਚ ਲਿਆਉਂਦਾ ਹੈ।

ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨਸ਼ਾ ਮੁਕਤ ਪੰਜਾਬ ਦੇ ਵਾਅਦੇ ਨਾਲ ਸੱਤਾ ਵਿੱਚ ਆਈ ਸੀ, ਪਰ ਨਸ਼ੇ ਦੀ ਲਗਾਤਾਰ ਮੌਜੂਦਗੀ ਨੇ ਸਰਕਾਰ ਦੀ ਕਾਰਗੁਜ਼ਾਰੀ ਅਤੇ ਨੀਤੀਗਤ ਪਹੁੰਚ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਨਸ਼ਾ ਹੁਣ ਸਿਰਫ਼ ਕਾਨੂੰਨ-ਵਿਵਸਥਾ ਦਾ ਮਾਮਲਾ ਨਹੀਂ ਰਿਹਾ, ਸਗੋਂ ਪੰਜਾਬ ਦੀ ਜਵਾਨੀ, ਪਰਿਵਾਰਕ ਢਾਂਚੇ, ਸਮਾਜਿਕ ਸਥਿਰਤਾ, ਅਰਥਵਿਵਸਥਾ ਅਤੇ ਭਵਿੱਖ ਨਾਲ ਜੁੜਿਆ ਮੁੱਦਾ ਬਣ ਚੁੱਕਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਅਮਿਤ ਸ਼ਾਹ ਵੱਲੋਂ 31 ਦਸੰਬਰ 2029 ਤੱਕ ਚਿੱਟੇ ਦੀ ਉਪਲਬਧਤਾ ਖ਼ਤਮ ਕਰਨ ਦਾ ਰੱਖਿਆ ਗਿਆ ਟੀਚਾ ਨਸ਼ਾ ਤੰਤਰ ਵਿਰੁੱਧ ਲੰਬੇ ਸਮੇਂ ਦੀ ਕਾਰਵਾਈ ਲਈ ਇੱਕ ਸਪਸ਼ਟ ਟੀਚਾ ਹੈ। ਇਸ ਚੁਣੌਤੀ ਦਾ ਮੁਕਾਬਲਾ ਲਗਾਤਾਰ ਅਤੇ ਸੰਸਥਾਗਤ ਕਾਰਵਾਈ ਨਾਲ ਹੀ ਕੀਤਾ ਜਾ ਸਕਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਅਮਿਤ ਸ਼ਾਹ ਅਤੇ ਪੰਜਾਬ ਭਾਜਪਾ ਪ੍ਰਧਾਨ ਸ੍ਰੀ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਉਠਾਈ ਗਈ ਇਹ ਆਵਾਜ਼ ਉਨ੍ਹਾਂ ਪਰਿਵਾਰਾਂ ਦੀ ਪੀੜ ਨਾਲ ਜੁੜੀ ਹੋਈ ਹੈ, ਜੋ ਨਸ਼ਿਆਂ ਕਾਰਨ ਆਪਣੇ ਪੁੱਤਰਾਂ ਅਤੇ ਪਰਿਵਾਰਕ ਸੁੱਖ ਨੂੰ ਗੁਆ ਚੁੱਕੇ ਹਨ।

"ਪੰਜਾਬ ਦੀਆਂ ਮਾਵਾਂ ਹੁਣ ਭਰੋਸੇ ਨਹੀਂ, ਨਤੀਜੇ ਮੰਗ ਰਹੀਆਂ ਹਨ। ਯਾਤਰਾ ਦੌਰਾਨ ਮਾਂਵਾਂ ਦੇ ਸ਼ਬਦਾਂ ਨੇ ਇਸ ਤ੍ਰਾਸਦੀ ਨੂੰ ਬਿਆਨ ਕਰ ਦਿੱਤਾ—'ਨਸ਼ਾ ਬੰਦ ਕਰਾਓ। ਮੇਰਾ ਪੁੱਤ ਤਾਂ ਨਹੀਂ ਬਚਿਆ, ਦੂਜੇ ਦੇ ਲਾਲ ਨੂੰ ਬਚਾ ਲਓ।' ਇਹ ਪੰਜਾਬ ਦੇ ਨਸ਼ਾ ਸੰਕਟ ਦੀ ਅਸਲ ਮਨੁੱਖੀ ਤਸਵੀਰ ਹੈ," ਉਨ੍ਹਾਂ ਕਿਹਾ।

ਉਨ੍ਹਾਂ ਕਿਹਾ ਕਿ ਪੰਜਾਬ ਨੇ ਖੇਤੀਬਾੜੀ, ਸੁਰੱਖਿਆ ਬਲਾਂ ਵਿੱਚ ਸੇਵਾ ਅਤੇ ਦੇਸ਼ ਲਈ ਕੁਰਬਾਨੀਆਂ ਰਾਹੀਂ ਰਾਸ਼ਟਰ ਨਿਰਮਾਣ ਵਿੱਚ ਵੱਡਾ ਯੋਗਦਾਨ ਪਾਇਆ ਹੈ। ਪੰਜਾਬ ਦੀ ਪਹਿਚਾਣ ਨਸ਼ੇ ਨਾਲ ਨਹੀਂ, ਸਗੋਂ ਬਹਾਦਰੀ, ਮਿਹਨਤ, ਸਮਰਪਣ ਅਤੇ ਚੜ੍ਹਦੀ ਕਲਾ ਨਾਲ ਹੋਣੀ ਚਾਹੀਦੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਪ੍ਰਭਾਵਸ਼ਾਲੀ ਲੜਾਈ ਸਿਰਫ਼ ਦਿਖਾਵੇ ਦੀਆਂ ਗ੍ਰਿਫ਼ਤਾਰੀਆਂ ਜਾਂ ਇਸ਼ਤਿਹਾਰਾਂ ਤੱਕ ਸੀਮਤ ਨਹੀਂ ਹੋ ਸਕਦੀ। ਨਸ਼ੇ ਦੀ ਪੂਰੀ ਸਪਲਾਈ ਚੇਨ ਨੂੰ ਤੋੜਨਾ, ਵੱਡੇ ਤਸਕਰਾਂ ਅਤੇ ਵਿੱਤੀ ਸਰੋਤਾਂ ਤੱਕ ਪਹੁੰਚਣਾ, ਨਸ਼ੇ ਦੀ ਕਮਾਈ ਨਾਲ ਬਣੀ ਜਾਇਦਾਦ ਦੀ ਪਛਾਣ ਅਤੇ ਜ਼ਬਤੀ, ਸਰਹੱਦ ਪਾਰੋਂ ਹੋ ਰਹੀ ਤਸਕਰੀ 'ਤੇ ਸਖ਼ਤੀ ਅਤੇ ਪੀੜਤ ਨੌਜਵਾਨਾਂ ਲਈ ਪੁਨਰਵਾਸ, ਹੁਨਰ ਵਿਕਾਸ ਅਤੇ ਰੋਜ਼ਗਾਰ—ਇਹ ਸਾਰੇ ਕਦਮ ਇਕੱਠੇ ਲੈਣੇ ਜ਼ਰੂਰੀ ਹਨ।

ਉਨ੍ਹਾਂ ਕਿਹਾ ਕਿ ਪਠਾਨਕੋਟ ਤੋਂ ਸ਼ੁਰੂ ਹੋਈ 13 ਦਿਨਾਂ ਦੀ ਅਤੇ 4,000 ਕਿਲੋਮੀਟਰ ਤੋਂ ਵੱਧ ਲੰਮੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਸੂਬੇ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਤੱਕ ਪਹੁੰਚਣਾ ਇਸ ਮੁੱਦੇ ਨੂੰ ਸਿੱਧੇ ਲੋਕਾਂ ਤੱਕ ਲੈ ਕੇ ਜਾਣ ਦੀ ਕੋਸ਼ਿਸ਼ ਸੀ।

"ਪੰਜਾਬ ਇਸ ਸੰਕਟ ਨੂੰ ਸਿਰਫ਼ ਇੱਕ ਹੋਰ ਚੋਣ ਨਾਅਰੇ ਵਜੋਂ ਨਹੀਂ ਦੇਖ ਸਕਦਾ। ਅਸਲ ਸਵਾਲ ਇਹ ਹੈ ਕਿ ਨਸ਼ੇ ਦੀ ਸਪਲਾਈ ਦਾ ਤੰਤਰ ਕਿਵੇਂ ਤੋੜਿਆ ਜਾਂਦਾ ਹੈ ਅਤੇ ਪ੍ਰਭਾਵਿਤ ਨੌਜਵਾਨਾਂ ਨੂੰ ਪਰਿਵਾਰ ਤੇ ਸਮਾਜ ਨਾਲ ਮੁੜ ਜੋੜਨ ਲਈ ਕੀ ਠੋਸ ਕਦਮ ਚੁੱਕੇ ਜਾਂਦੇ ਹਨ," ਉਨ੍ਹਾਂ ਕਿਹਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰੋਜ਼ਗਾਰ, ਪੇਂਡੂ ਸਿਹਤ ਸਹੂਲਤਾਂ, ਮੈਡੀਕਲ ਕਾਲਜਾਂ, ਖਣਨ ਤੋਂ ਆਮਦਨ ਅਤੇ ਕਿਸਾਨੀ ਸਮੇਤ ਕੀਤੇ ਹੋਰ ਵਾਅਦਿਆਂ 'ਤੇ ਵੀ ਲੋਕਾਂ ਵੱਲੋਂ ਜਵਾਬ ਮੰਗਿਆ ਜਾ ਰਿਹਾ ਹੈ। ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਅਤੇ ਸਰਕਾਰ ਦੇ ਕੰਮਕਾਜ ਵਿਚਲੇ ਫ਼ਰਕ ਬਾਰੇ ਜਨਤਾ ਦੇ ਸਾਹਮਣੇ ਜਵਾਬਦੇਹੀ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦਾ ਵਿਕਾਸ ਉਸ ਵੇਲੇ ਹੀ ਅਰਥਪੂਰਨ ਹੋਵੇਗਾ ਜਦੋਂ ਉਸ ਦੀ ਨੌਜਵਾਨ ਪੀੜ੍ਹੀ ਸੁਰੱਖਿਅਤ ਅਤੇ ਸਿਹਤਮੰਦ ਹੋਵੇ। ਇਸ ਲਈ ਨਸ਼ਿਆਂ ਵਿਰੁੱਧ ਲੜਾਈ ਵਿੱਚ ਕਾਨੂੰਨ ਲਾਗੂ ਕਰਨ ਦੇ ਨਾਲ ਸਰਹੱਦੀ ਸੁਰੱਖਿਆ, ਵਿੱਤੀ ਜਾਂਚ, ਪੁਨਰਵਾਸ, ਸਿੱਖਿਆ, ਹੁਨਰ ਵਿਕਾਸ ਅਤੇ ਰੋਜ਼ਗਾਰ ਨੂੰ ਵੀ ਜੋੜਨਾ ਪਵੇਗਾ।

ਉਨ੍ਹਾਂ ਕਿਹਾ ਕਿ "ਉੱਡਦਾ ਪੰਜਾਬ ਨਹੀਂ, ਉੱਭਰਦਾ ਪੰਜਾਬ" ਸਿਰਫ਼ ਨਾਅਰਾ ਨਹੀਂ, ਸਗੋਂ ਨਸ਼ਾ ਮੁਕਤ, ਸੁਰੱਖਿਅਤ, ਸਿਹਤਮੰਦ ਅਤੇ ਮੌਕਿਆਂ ਵਾਲੇ ਪੰਜਾਬ ਦੀ ਦਿਸ਼ਾ ਵਿੱਚ ਭਾਜਪਾ ਦੇ ਸੰਕਲਪ ਨੂੰ ਦਰਸਾਉਂਦਾ ਹੈ।

"ਪੰਜਾਬ ਦੀਆਂ ਮਾਵਾਂ ਨੂੰ ਜਵਾਬ ਚਾਹੀਦਾ ਹੈ, ਪੰਜਾਬ ਦੀ ਜਵਾਨੀ ਨੂੰ ਭਵਿੱਖ ਚਾਹੀਦਾ ਹੈ ਅਤੇ ਪੰਜਾਬ ਨੂੰ ਨਸ਼ੇ ਦੇ ਵਪਾਰ ਦੇ ਤੰਤਰ ਤੋਂ ਮੁਕਤੀ ਚਾਹੀਦੀ ਹੈ। ਅਸਲ ਪਰਖ ਇਸ ਗੱਲ ਦੀ ਹੈ ਕਿ ਨਸ਼ੇ ਵਿਰੁੱਧ ਕੌਣ ਸਭ ਤੋਂ ਉੱਚੀ ਆਵਾਜ਼ ਵਿੱਚ ਬੋਲਦਾ ਹੈ ਨਹੀਂ, ਸਗੋਂ ਕੌਣ ਉਸ ਸਪਲਾਈ ਤੰਤਰ ਨੂੰ ਤੋੜਨ ਲਈ ਲਗਾਤਾਰ ਅਤੇ ਪ੍ਰਭਾਵਸ਼ਾਲੀ ਕਾਰਵਾਈ ਕਰਦਾ ਹੈ," ਪ੍ਰੋ. ਖਿਆਲਾ ਨੇ ਕਿਹਾ।

### ਸਰਕਲ ਮਹਿਤਾ ਤੇ ਟਾਂਗਰਾ ਦੇ ਅਕਾਲੀ ਆਗੂਆਂ ਵੱਲੋਂ ਇੱਕਜੁੱਟਤਾ ਦਾ ਪ੍ਰਗਟਾਵਾ

# 2027 ਦੀਆਂ ਚੋਣਾਂ ਲਈ ਉਲੀਕੀ ਰਣਨੀਤੀ



**ਚੌਕ ਮਹਿਤਾ, 30 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਕੌਂਸਲ ਮੈਂਬਰ ਮਹਿੰਦਰ ਪਾਲ ਸਿੰਘ ਬੱਲ ਦੇ ਯਤਨਾਂ ਸਦਕਾ ਹਲਕਾ ਜੰਡਿਆਲਾ ਗੁਰੂ ਦੇ ਸਰਕਲ ਮਹਿਤਾ ਅਤੇ ਟਾਂਗਰਾ ਦੇ ਸੀਨੀਅਰ ਅਕਾਲੀ ਆਗੂਆਂ ਵੱਲੋਂ ਇੱਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਪਾਰਟੀ ਦੀਆਂ ਸਿਆਸੀ ਸਰਗਰਮੀਆਂ ਨੂੰ ਤੇਜ਼ ਕਰਨ ਸਬੰਧੀ ਅਹਿਮ ਮੀਟਿੰਗ ਕੀਤੀ ਗਈ। ਇਹ ਮੀਟਿੰਗ ਪਾਰਟੀ ਦੇ ਟਕਸਾਲੀ ਆਗੂ ਰਣਬੀਰ ਸਿੰਘ ਰਾਣਾ ਦੇ ਗ੍ਰਹਿ 'ਜਗੀਰਦਾਰ ਫਾਰਮ', ਸੈਦਪੁਰ ਵਿਖੇ ਹੋਈ, ਜਿਸ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਅਤੇ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੀ ਅਗਵਾਈ ਸਾਬਕਾ ਚੇਅਰਮੈਨ ਜਥੇਦਾਰ ਗੁਰਮੀਤ ਸਿੰਘ ਖੱਬੇ ਰਾਜਪੂਤਾਂ, ਸਰਕਲ ਟਾਂਗਰਾ ਦੇ ਪ੍ਰਧਾਨ ਸੁਖਰਾਜ ਸਿੰਘ ਮੁੱਛਲ, ਸਰਕਲ ਮਹਿਤਾ ਦੇ ਪ੍ਰਧਾਨ ਲਖਵਿੰਦਰ ਸਿੰਘ ਖਾਲਸਾ ਅਤੇ ਕਿਸਾਨ ਵਿੰਗ ਦੇ ਜਿਲਾ ਪ੍ਰਧਾਨ ਗੁਰਧਿਆਨ ਸਿੰਘ ਮਹਿਤਾ ਨੇ ਕੀਤੀ। ਇਸ ਮੌਕੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਅਗਵਾਈ ਹੇਠ ਹਲਕਾ ਜੰਡਿਆਲਾ ਗੁਰੂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕਰਨ, ਵਰਕਰਾਂ ਨੂੰ ਲਾਮਬੰਦ ਕਰਨ ਅਤੇ ਪਾਰਟੀ ਦੀ ਜਥੇਬੰਦਕ ਤਾਕਤ ਵਧਾਉਣ ਲਈ ਰਣਨੀਤੀ ਉਲੀਕੀ ਗਈ। ਉਕਤ ਆਗੂਆਂ ਨੇ ਸੀਨੀਅਰ ਅਕਾਲੀ ਆਗੂ ਗੁਰਪ੍ਰੀਤ ਸਿੰਘ ਰੰਧਾਵਾ ਨੂੰ ਹਲਕਾ ਜੰਡਿਆਲਾ ਗੁਰੂ ਦਾ ਕੋਆਰਡੀਨੇਟਰ ਨਿਯੁਕਤ ਕਰਨ ਦੇ ਫੈਸਲੇ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਰੰਧਾਵਾ ਦੀ ਅਗਵਾਈ ਹੇਠ ਜਲਦ ਹੀ ਵੱਖ-ਵੱਖ ਸਰਕਲਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਜਾਵੇਗਾ।

**ਕੋਆਰਡੀਨੇਟਰ ਗੁਰਪ੍ਰੀਤ ਰੰਧਾਵਾ ਦੀ ਅਗਵਾਈ 'ਚ ਜਲਦ ਸ਼ੁਰੂ ਹੋਵੇਗਾ ਮੀਟਿੰਗਾਂ ਦਾ ਦੌਰ**

ਇਸ ਮੌਕੇ ਜਨਰਲ ਕੌਂਸਲ ਮੈਂਬਰ ਗੁਰਭੇਜ ਸਿੰਘ ਜੱਬੋਵਾਲ, ਸਾਬਕਾ ਸਰਪੰਚ ਸ਼ਿਵਰਾਜ ਸਿੰਘ ਤਰਸਿੱਕਾ, ਸਪੋਰਟਸ ਵਿੰਗ ਦੇ ਚੇਅਰਮੈਨ ਬਲਜੀਤ ਪ੍ਰਧਾਨ, ਸਰਕਲ ਮਹਿਤਾ ਦੇ ਯੂਥ ਪ੍ਰਧਾਨ ਜੋਰਾਵਰ ਸਿੰਘ ਬੱਬਾ, ਸਾਬਕਾ ਸਰਪੰਚ ਜਗਤਾਰ ਸਿੰਘ ਗਗੜਭਾਣਾ, ਗੁਰਲਾਲ ਸਿੰਘ ਲਾਲੀ ਸਾਬਕਾ ਬਲਾਕ ਸੰਮਤੀ ਮੈਂਬਰ, ਮਾਸਟਰ ਬਲਜਿੰਦਰ ਸਿੰਘ ਬੁੱਟਰ, ਸਾਬਕਾ ਸਰਪੰਚ ਕੁਲਬੀਰ ਸਿੰਘ ਧਰਦਿਉ, ਜਥੇਦਾਰ ਸਰਤਾਜ ਸਿੰਘ ਚੂੰਗ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਸੰਗਰਾਵਾਂ, ਸਾਬਕਾ ਸਰਪੰਚ ਪ੍ਰਭ ਦਿਆਲ ਸਿੰਘ ਸਰਜਾ, ਸਾਬਕਾ ਸਰਪੰਚ ਬਲਦੇਵ ਸਿੰਘ ਰਾਏਪੁਰ, ਸਾਬਕਾ ਸਰਪੰਚ ਤਜਿੰਦਰ ਸਿੰਘ ਬੇਰੀਆਣਾ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ ਕੋਟਲਾ, ਸਰਵਣ ਸਿੰਘ ਰੁਮਾਣਾ ਚੱਕ, ਪ੍ਰਧਾਨ ਪ੍ਰਭਸ਼ੇਰ ਸਿੰਘ ਸੈਦੋਕੇ, ਦਵਿੰਦਰ ਸਿੰਘ ਮਹਿਤਾ, ਸਰਵਣ ਸਿੰਘ ਮਹਿਤਾ, ਗੁਰਪਾਲ ਸਿੰਘ ਫੌਜੀ, ਪ੍ਰਧਾਨ ਜੁਗਰਾਜ ਸਿੰਘ, ਗੁਰ ਅੰਮ੍ਰਿਤਪਾਲ ਸਿੰਘ, ਪ੍ਰਧਾਨ ਇੰਦਰਜੀਤ ਸਿੰਘ ਚੂੰਗ ਤੋਂ ਇਲਾਵਾ ਹੋਰ ਵੀ ਆਗੂ ਮੌਜੂਦ ਸਨ।

# ਅਕਾਲ ਯੂਨੀਵਰਸਿਟੀ ਵਿਖੇ ਉਤਸ਼ਾਹ ਨਾਲ ਮਨਾਇਆ ਗਿਆ 'ਐੱਨ.ਐੱਸ.ਐੱਸ. ਦਿਵਸ'





**ਤਲਵੰਡੀ ਸਾਬੋ, 30 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਵਿਖੇ ਨੈਸ਼ਨਲ ਸਰਵਿਸ ਸਕੀਮ ਯੂਨਿਟ ਵੱਲੋਂ ਐੱਨ.ਐੱਸ.ਐੱਸ. ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਮਾਜ ਸੇਵਾ, ਭਾਈਚਾਰਕ ਜ਼ਿੰਮੇਵਾਰੀ ਅਤੇ ਸਰਗਰਮ ਨਾਗਰਿਕਤਾ ਦੀ ਭਾਵਨਾ ਨੂੰ ਪੈਦਾ ਕਰਨਾ ਸੀ। ਸਮਾਗਮ ਵਿੱਚ ਲਗਭਗ 100 ਵਿਦਿਆਰਥੀ ਵਲੰਟੀਅਰਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਸਮਾਗਮ ਦੀ ਸ਼ੁਰੂਆਤ ਐੱਨ.ਐੱਸ.ਐੱਸ. ਯੂਨਿਟ-99 ਦੇ ਪ੍ਰੋਗਰਾਮ ਅਫ਼ਸਰ ਡਾ. ਕੋਮਲਪ੍ਰੀਤ ਕੌਰ ਦੇ ਸਵਾਗਤੀ ਭਾਸ਼ਣ ਨਾਲ ਹੋਈ। ਉਨ੍ਹਾਂ ਨੇ ਐੱਨ.ਐੱਸ.ਐੱਸ. ਵਲੰਟੀਅਰਾਂ ਦਾ ਸਵਾਗਤ ਕੀਤਾ ਅਤੇ ਸਮਾਜ ਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਵਿਕਸਤ ਕਰਨ ਵਿੱਚ ਐੱਨ.ਐੱਸ.ਐੱਸ. ਦੀ ਅਹਿਮ ਭੂਮਿਕਾ 'ਤੇ ਚਾਨਣਾ ਪਾਇਆ। ਪ੍ਰੋਗਰਾਮ ਦੌਰਾਨ, ਪਹਿਲਾਂ ਨੈਸ਼ਨਲ ਕੈਂਪਾਂ ਵਿੱਚ ਹਿੱਸਾ ਲੈ ਚੁੱਕੇ ਪੁਰਾਣੇ ਵਲੰਟੀਅਰਾਂ ਨੇ ਨਵੇਂ ਰਜਿਸਟਰਡ ਵਲੰਟੀਅਰਾਂ ਨਾਲ ਆਪਣੇ ਤਜ਼ਰਬੇ ਸਾਂਝੇ ਕੀਤੇ। ਉਨ੍ਹਾਂ ਨੇ ਰਾਸ਼ਟਰੀ ਪੱਧਰ ਦੇ ਕੈਂਪਾਂ ਦੇ ਆਪਣੇ ਅਨੁਭਵ ਦੱਸਦਿਆਂ ਵੱਖ-ਵੱਖ ਗਤੀਵਿਧੀਆਂ, ਜ਼ਿੰਮੇਵਾਰੀਆਂ ਅਤੇ ਸਿੱਖਣ ਦੇ ਮੌਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸੀਨੀਅਰ ਵਲੰਟੀਅਰਾਂ ਨੇ ਨਵੇਂ ਮੈਂਬਰਾਂ ਨੂੰ ਐੱਨ.ਐੱਸ.ਐੱਸ. ਦੇ ਮੋਟੋ "ਮੈਂ ਨਹੀਂ, ਸਗੋਂ ਤੁਸੀਂ" ਬਾਰੇ ਮਾਰਗਦਰਸ਼ਨ ਕੀਤਾ ਅਤੇ ਸਮਝਾਇਆ ਕਿ ਇਹ ਮੋਟੋ ਸੇਵਾ, ਸਹਿਯੋਗ, ਹਮਦਰਦੀ ਅਤੇ ਅਨੁਸ਼ਾਸਨ ਦੇ ਕਦਰਾਂ-ਕੀਮਤਾਂ ਨੂੰ ਕਿਵੇਂ ਦਰਸਾਉਂਦਾ ਹੈ। ਇਸ ਮੌਕੇ ਨਵੇਂ ਵਲੰਟੀਅਰਾਂ ਨੂੰ ਆਉਣ ਵਾਲੇ ਸਮੇਂ ਵਿੱਚ ਸਮਾਜ ਭਲਾਈ ਦੇ ਕੰਮਾਂ, ਜਾਗਰੂਕਤਾ ਮੁਹਿੰਮਾਂ ਅਤੇ ਵਾਤਾਵਰਣ ਸੰਭਾਲ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।

# ਬੰਦੀ ਸਿੰਘਾਂ ਦੀ ਰਿਹਾਈ ਲਈ ਮਾਰਚ 'ਚ ਵੱਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ: ਕਾਲਕਾ



**ਨਵੀਂ ਦਿੱਲੀ, 30 ਸਤੰਬਰ (ਮਨਮੋਹਨ ਸਿੰਘ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਇੱਕ ਬਿਆਨ ਵਿੱਚ ਕਿਹਾ ਕਿ ਸਿੱਖ ਕੌਮ ਦੇ ਕਈ ਬੰਦੀ ਸਿੰਘ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਹਨ ਅਤੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲੈਣ ਦੇ ਬਾਵਜੂਦ ਵੀ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਜੀਵਨ ਬਤੀਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚੇ ਵੱਲੋਂ ਲੰਮੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ।

ਸਰਦਾਰ ਕਾਲਕਾ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦੇ ਮਸਲੇ ਨੂੰ ਲੋਕਾਂ ਅਤੇ ਸਰਕਾਰਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਲਈ ਬੰਦੀ ਛੋੜ ਰਿਹਾਈ ਮਾਰਚ ਕੱਢਿਆ ਜਾ ਰਿਹਾ ਹੈ। ਇਹ ਮਾਰਚ 2 ਅਕਤੂਬਰ ਨੂੰ ਸਵੇਰੇ 9 ਵਜੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸ਼ੁਰੂ ਹੋ ਕੇ ਸ਼ਾਮ ਨੂੰ ਗੁਰਦੁਆਰਾ ਮਸਤੂਆਣਾ ਸਾਹਿਬ ਵਿਖੇ ਪਹੁੰਚੇਗਾ। ਇਸ ਤੋਂ ਬਾਅਦ 3 ਅਕਤੂਬਰ ਨੂੰ ਮਸਤੂਆਣਾ ਸਾਹਿਬ ਤੋਂ ਮਾਰਚ ਮੁੜ ਸ਼ੁਰੂ ਹੋ ਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪਹੁੰਚੇਗਾ।

ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਸਿਰਫ਼ ਕੁਝ ਵਿਅਕਤੀਆਂ ਦਾ ਮਸਲਾ ਨਹੀਂ, ਸਗੋਂ ਲੰਮੇ ਸਮੇਂ ਤੋਂ ਚੱਲ ਰਹੇ ਇੱਕ ਮਹੱਤਵਪੂਰਨ ਮਾਮਲੇ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਮਸਲੇ 'ਤੇ ਕੌਮ ਦੀ ਇਕਜੁੱਟ ਅਤੇ ਸ਼ਾਂਤਮਈ ਆਵਾਜ਼ ਨੂੰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ।

ਸਰਦਾਰ ਕਾਲਕਾ ਨੇ ਸਮੂਹ ਪੰਥ ਦਰਦੀਆਂ ਨੂੰ ਅਪੀਲ ਕੀਤੀ ਕਿ ਉਹ 2 ਅਤੇ 3 ਅਕਤੂਬਰ ਨੂੰ ਹੋਣ ਵਾਲੇ ਇਸ ਰਿਹਾਈ ਮਾਰਚ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਚੱਲ ਰਹੇ ਸੰਘਰਸ਼ ਦਾ ਹਿੱਸਾ ਬਣਨ। ਉਨ੍ਹਾਂ ਕਿਹਾ ਕਿ ਸੰਗਤ ਦੀ ਵੱਡੀ ਸ਼ਮੂਲੀਅਤ ਇਸ ਮਸਲੇ ਪ੍ਰਤੀ ਲੋਕਾਂ ਦੀਆਂ ਭਾਵਨਾਵਾਂ ਅਤੇ ਮੰਗ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਸਾਹਮਣੇ ਲਿਆ ਸਕਦੀ ਹੈ।

ਉਨ੍ਹਾਂ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਉਹ ਅਮਨ-ਸ਼ਾਂਤੀ ਅਤੇ ਸੰਜਮ ਨਾਲ ਇਸ ਮਾਰਚ ਵਿੱਚ ਸ਼ਾਮਲ ਹੋ ਕੇ ਬੰਦੀ ਸਿੰਘਾਂ ਦੀ ਰਿਹਾਈ ਦੇ ਮਸਲੇ ਨੂੰ ਮਜ਼ਬੂਤ ਆਵਾਜ਼ ਪ੍ਰਦਾਨ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਰੋਟਰੀਅਨ ਭੁਪੇਸ਼ ਮਹਿਤਾ ਨੇ ਜਿੱਤੇ ਐਵਾਰਡ




**ਫ਼ਿਰੋਜ਼ਪੁਰ, 30 ਸਤੰਬਰ (ਮਨੋਹਰ ਲਾਲ)** :— ਰੋਟਰੀ ਕਲੱਬ ਫਿਰੋਜਪੁਰ ਨੂੰ ਸੇਵਾ ਤੇ ਸਮਾਜਿਕ ਕੰਮਾਂ ਅਤੇ ਕਲੱਬ ਪਰਬੰਦਾ ਦੇ ਖੇਤਰ ਵਿੱਚ ਸ਼ਾਨਦਾਰ ਉਪਲਬਧੀਆਂ ਨੂੰ ਹਾਸਲ ਕਰਦੇ ਹੋਏ ਰੋਟਰੀ ਇੰਟਰਨੈਸ਼ਨਲ ਦੇ 2025—26 ਦੇ ਗਵਰਨਰ ਰੋਟੇਰੀਅਨ ਭੁਪੇਸ਼ ਮਹਿਤਾ ਵੱਲੋ ਜਸ਼ਨ ਏ ਚੈਪੀਅਨ ਸਮਾਗਮ ਵਿੱਚ ਕੁਲ ਪੰਜ ਸ਼ਾਨਦਾਰ ਅਵਾਰਡਾਂ ਨਾਲ ਸਨਮਾਨਿਤ ਕੀਤਾ ਗਿਆ। ਇਹ ਸਮਾਗਮ ਸਿਰਸਾ ਹਰਿਆਣਾ ਵਿੱਚ ਕਰਵਾਇਆ ਗਿਆ ਜਿਸ ਵਿੱਚ ਰੋਟਰੀ ਇੰਟਰਨੈਸ਼ਨਲ ਦੇ ਡਾਇਰੈਕਟਰ ਰੋਟੇਰੀਅਨ ਕੇ.ਪੀ ਨਾਗੇਸ਼ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਗਵਰਨਰ ਭੁਪੇਸ਼ ਮਹਿਤਾ ਨੇ ਰੋਟਰੀ ਕਲੱਬ ਫਿਰੋਜਪੁਰ ਦੇ ਛੇ ਸੀਨੀਅਰ ਮੈਂਬਰ ਰੋਟੇਰੀਅਨ ਡਾਕਟਰ ਸੁਰਿੰਦਰ ਸਿੰਘ, ਰੋਟੇਰੀਅਨ ਰਾਕੇਸ਼ ਚਾਵਲਾ (ਸਟੇਟ ਕੋਆਰਡੀਨੇਟ), ਰੋਟੇਰੀਅਨ ਦਿਨੇਸ਼ ਕਟਾਰੀਆ, ਰੋਟੇਰੀਅਨ ਅਜੈ ਬਜਾਜ, ਰੋਟੇਰੀਅਨ ਪਰਦੀਪ ਬਿੰਦਰਾ, ਰੋਟੇਰੀਅਨ ਸੰਦੀਪ ਸਿੰਗਲਾਂ ਨੂੰ ਉਨਾ ਦੀ ਵਧੀਆ ਕਾਰਗੁਜ਼ਾਰੀ ਲਈ ਸਨਮਾਨਿਤ ਕੀਤਾ। ਗਵਰਨਰ ਭੁਪੇਸ਼ ਮਹਿਤਾ ਨੇ ਪ੍ਰਧਾਨ ਕਿਰਪਾਲ ਸਿੰਘ ਮੱਕੜ (2025—26) ਤੇ ਉਨ੍ਹਾਂ ਦੀ ਟੀਮ ਦੀ ਭਰਪੂਰ ਸ਼ਲਾਘਾ ਕੀਤੀ ਤੇ ਅੱਗੇ ਹੋਰ ਵਧੀਆ ਸੇਵਾਵਾਂ ਕਰਨ ਲਈ ਉਤਸ਼ਾਹਤ ਕੀਤਾ। ਪ੍ਰਧਾਨ ਕਿਰਪਾਲ ਸਿੰਘ ਮੱਕੜ ਨੇ ਕਿਹਾ ਕਿ ਜੋ ਇਹ ਸਨਮਾਨ ਪ੍ਰਾਪਤ ਹੋਇਆ ਹੈ ਇਹ ਸਿਰਫ ਮੇਰਾ ਮਾਣ ਸਨਮਾਨ ਨਹੀਂ ਹੈ ਬਲਕਿ ਸਾਰੇ ਰੋਟਰੀ ਕਲੱਬ ਦੀ ਮਿਹਨਤ ਸਦਕਾ ਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਬਾਘਾ ਵਿੱਚ ਐਚਐਮਈਐਲ-ਏਮਜ਼ ਬਠਿੰਡਾ ਵੱਲੋਂ

# ਮੈਗਾ ਸਿਹਤ ਕੈਂਪ ਦਾ ਆਯੋਜਨ, 256 ਪੇਂਡੂਆਂ ਨੂੰ ਮਿਲੀਆਂ ਮਾਹਿਰ ਡਾਕਟਰੀ ਸੇਵਾਵਾਂ





**ਤਲਵੰਡੀ ਸਾਬੋ, 30 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਪੇਂਡੂ ਭਾਈਚਾਰੇ ਨੂੰ ਉਨ੍ਹਾਂ ਦੇ ਘਰ-ਦੁਆਰ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਐਚਐਮਈਐਲ, ਗੁਰੂ ਗੋਬਿੰਦ ਸਿੰਘ ਰਿਫਾਈਨਰੀ ਵੱਲੋਂ ਏਮਜ਼ ਬਠਿੰਡਾ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਮੋਬਾਈਲ ਮੈਡੀਕਲ ਯੂਨਿਟ ਅਤੇ ਟੈਲੀਮੈਡੀਸਨ ਸਹੂਲਤ ਤਹਿਤ ਪਿੰਡ ਬਾਘਾ ਵਿੱਚ ਮੈਗਾ ਸਿਹਤ ਕੈਂਪ ਲਗਾਇਆ ਗਿਆ। ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਲਗਾਏ ਗਏ ਇਸ ਕੈਂਪ ਦੌਰਾਨ 256 ਪੇਂਡੂਆਂ ਦੀ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਮੌਕੇ 'ਤੇ ਹੀ ਡਾਕਟਰੀ ਸਲਾਹ ਅਤੇ ਲੋੜੀਂਦੀਆਂ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਕੈਂਪ ਦੌਰਾਨ ਏਮਜ਼ ਬਠਿੰਡਾ ਦੇ ਮਾਹਿਰ ਡਾਕਟਰਾਂ ਵੱਲੋਂ ਹੱਡੀਆਂ ਦੇ ਰੋਗ, ਅੱਖਾਂ ਦੇ ਰੋਗ, ਦੰਦਾਂ ਦੀ ਜਾਂਚ ਅਤੇ ਆਮ ਬਿਮਾਰੀਆਂ ਸਮੇਤ ਵੱਖ-ਵੱਖ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਇਸ ਤੋਂ ਇਲਾਵਾ ਟੈਲੀਮੈਡੀਸਨ ਰਾਹੀਂ ਏਮਜ਼ ਦੇ ਮਾਹਿਰ ਡਾਕਟਰਾਂ ਤੋਂ ਸਲਾਹ ਲੈਣ ਦੀ ਸਹੂਲਤ ਵੀ ਉਪਲਬਧ ਕਰਵਾਈ ਗਈ। ਕੈਂਪ ਦੌਰਾਨ ਅੱਖਾਂ ਨਾਲ ਸਬੰਧਤ ਬਿਮਾਰੀਆਂ ਦੇ ਮਾਮਲਿਆਂ ਵਿੱਚ ਵੀ ਵੱਡੀ ਗਿਣਤੀ ਵਿੱਚ ਪੇਂਡੂਆਂ ਨੇ ਮਾਹਿਰ ਡਾਕਟਰੀ ਸਲਾਹ ਦਾ ਲਾਭ ਲਿਆ। ਮੋਬਾਈਲ ਮੈਡੀਕਲ ਯੂਨਿਟ ਦੀ ਸਹੂਲਤ ਸ਼ੁਰੂ ਹੋਣ ਤੋਂ ਪਹਿਲਾਂ ਆਸ-ਪਾਸ ਦੇ ਪੇਂਡੂਆਂ ਨੂੰ ਮਾਹਿਰ ਡਾਕਟਰੀ ਸੇਵਾਵਾਂ ਲਈ ਲਗਭਗ 40 ਕਿਲੋਮੀਟਰ ਦਾ ਸਫ਼ਰ ਤੈਅ ਕਰਕੇ ਏਮਜ਼ ਬਠਿੰਡਾ ਜਾਣਾ ਪੈਂਦਾ ਸੀ। ਦੂਰੀ ਅਤੇ ਸਮੇਂ ਦੀ ਕਮੀ ਕਾਰਨ ਕਈ ਵਾਰ ਪੇਂਡੂ ਸਮੇਂ ਸਿਰ ਡਾਕਟਰੀ ਸਲਾਹ ਨਹੀਂ ਲੈ ਸਕਦੇ ਸਨ। ਹੁਣ ਮੋਬਾਈਲ ਮੈਡੀਕਲ ਯੂਨਿਟ ਰਾਹੀਂ ਮਾਹਿਰ ਸਿਹਤ ਸੇਵਾਵਾਂ ਪਿੰਡਾਂ ਤੱਕ ਪਹੁੰਚਣ ਨਾਲ ਪੇਂਡੂਆਂ ਨੂੰ ਆਪਣੇ ਘਰ-ਦੁਆਰ ਦੇ ਨੇੜੇ ਹੀ ਸਮੇਂ ਸਿਰ ਸਿਹਤ ਜਾਂਚ, ਡਾਕਟਰੀ ਸਲਾਹ ਅਤੇ ਇਲਾਜ ਦੀ ਸਹੂਲਤ ਮਿਲ ਰਹੀ ਹੈ। ਇਸ ਪਹਿਲਕਦਮੀ ਤਹਿਤ ਹੁਣ ਤੱਕ 59 ਪਿੰਡਾਂ ਵਿੱਚ 290 ਮੋਬਾਈਲ ਮੈਡੀਕਲ ਕੈਂਪ ਲਗਾਏ ਜਾ ਚੁੱਕੇ ਹਨ, ਜਿਨ੍ਹਾਂ ਵਿੱਚ 16 ਹਜ਼ਾਰ ਤੋਂ ਵੱਧ ਲੋਕਾਂ ਦੀ ਸਿਹਤ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੀ ਡਾਕਟਰੀ ਸਲਾਹ ਅਤੇ ਇਲਾਜ ਮੁਹੱਈਆ ਕਰਵਾਇਆ ਗਿਆ ਹੈ।



ਇਸ ਪਹਿਲਕਦਮੀ ਤਹਿਤ ਫੂਲੋਖਾਰੀ, ਪੱਕਾ ਕਲਾਂ, ਹੱਸੂ ਅਤੇ ਸੇਖੂ ਸਮੇਤ ਕਈ ਪਿੰਡਾਂ ਵਿੱਚ ਮੈਗਾ ਸਿਹਤ ਕੈਂਪ ਲਗਾਏ ਜਾ ਚੁੱਕੇ ਹਨ। ਇਨ੍ਹਾਂ ਕੈਂਪਾਂ ਦੀ ਇੱਕ ਮਹੱਤਵਪੂਰਨ ਵਿਸ਼ੇਸ਼ਤਾ ਇਹ ਹੈ ਕਿ ਇੱਥੇ ਡਾਕਟਰੀ ਸਲਾਹ ਲੈਣ ਵਾਲੇ ਮਰੀਜ਼ਾਂ ਨੂੰ ਏਮਜ਼ ਬਠਿੰਡਾ ਵਿੱਚ ਅੱਗੇ ਇਲਾਜ ਕਰਵਾਉਣ ਲਈ ਦੁਬਾਰਾ ਰਜਿਸਟ੍ਰੇਸ਼ਨ ਕਰਵਾਉਣ ਦੀ ਲੋੜ ਨਹੀਂ ਹੁੰਦੀ। ਕੈਂਪ ਦੌਰਾਨ ਜਾਰੀ ਕੀਤੀ ਗਈ ਪਰਚੀ ਦੇ ਆਧਾਰ 'ਤੇ ਉਹ ਏਮਜ਼ ਵਿੱਚ ਲੋੜੀਂਦਾ ਇਲਾਜ ਅਤੇ ਡਾਕਟਰੀ ਸਲਾਹ ਪ੍ਰਾਪਤ ਕਰ ਸਕਦੇ ਹਨ। ਪਿੰਡ ਬਾਘਾ ਵਿੱਚ ਸਿਹਤ ਕੈਂਪ ਦੇ ਸਫ਼ਲ ਆਯੋਜਨ ਵਿੱਚ ਸਥਾਨਕ ਭਾਈਚਾਰੇ ਦੀ ਸਰਗਰਮ ਭਾਗੀਦਾਰੀ ਰਹੀ। ਗ੍ਰਾਮ ਪੰਚਾਇਤ, ਬਾਘਾ ਵੱਲੋਂ ਕੈਂਪ ਦੇ ਆਯੋਜਨ ਵਿੱਚ ਪੂਰਾ ਸਹਿਯੋਗ ਦਿੱਤਾ ਗਿਆ, ਜਦਕਿ ਗੁਰਦੁਆਰਾ ਬਾਘਾ ਦੀ ਪ੍ਰਬੰਧਕ ਕਮੇਟੀ ਨੇ ਲੋੜੀਂਦੇ ਪ੍ਰਬੰਧਾਂ ਵਿੱਚ ਸਹਿਯੋਗ ਕਰਦਿਆਂ ਲਾਭਪਾਤਰੀਆਂ ਲਈ ਸੁਵਿਧਾਜਨਕ ਅਤੇ ਸੁਚੱਜਾ ਮਾਹੌਲ ਯਕੀਨੀ ਬਣਾਇਆ। ਕੈਂਪ ਦੇ ਸਫ਼ਲ ਸੰਚਾਲਨ ਵਿੱਚ ਐਚਐਮਈਐਲ ਦੇ ਕਰਮਚਾਰੀਆਂ ਨੇ ਸਵੈ-ਸੇਵਕਾਂ ਵਜੋਂ ਸਰਗਰਮ ਭੂਮਿਕਾ ਨਿਭਾਈ ਅਤੇ ਰਜਿਸਟ੍ਰੇਸ਼ਨ, ਮਾਰਗਦਰਸ਼ਨ ਅਤੇ ਹੋਰ ਪ੍ਰਬੰਧਾਂ ਵਿੱਚ ਸਹਿਯੋਗ ਦਿੱਤਾ। ਪ੍ਰਾਜੈਕਟ ਦੇ ਮੌਜੂਦਾ ਪੜਾਅ ਤਹਿਤ ਹੁਣ ਤੱਕ ਅੱਠ ਪਿੰਡਾਂ ਵਿੱਚ ਅੱਠ ਮੈਗਾ ਸਿਹਤ ਕੈਂਪ ਲਗਾਏ ਜਾ ਚੁੱਕੇ ਹਨ, ਜਿਨ੍ਹਾਂ ਵਿੱਚ 1,221 ਪੇਂਡੂਆਂ ਨੂੰ ਏਮਜ਼ ਬਠਿੰਡਾ ਦੇ ਮਾਹਿਰ ਡਾਕਟਰਾਂ ਤੋਂ ਡਾਕਟਰੀ ਸਲਾਹ ਅਤੇ ਇਲਾਜ ਦੀ ਸਹੂਲਤ ਮਿਲੀ ਹੈ। ਐਚਐਮਈਐਲ ਦੀ ਇਹ ਪਹਿਲਕਦਮੀ ਪੇਂਡੂ ਅਤੇ ਸਿਹਤ ਸਹੂਲਤਾਂ ਦੀ ਤੁਲਨਾਤਮਕ ਤੌਰ 'ਤੇ ਘੱਟ ਪਹੁੰਚ ਵਾਲੇ ਭਾਈਚਾਰਿਆਂ ਤੱਕ ਮਿਆਰੀ ਸਿਹਤ ਸੇਵਾਵਾਂ ਦੀ ਨਿਰੰਤਰ ਪਹੁੰਚ ਯਕੀਨੀ ਬਣਾਉਣ ਵੱਲ ਮਹੱਤਵਪੂਰਨ ਯੋਗਦਾਨ ਪਾ ਰਹੀ ਹੈ। ਮੋਬਾਈਲ ਮੈਡੀਕਲ ਯੂਨਿਟ, ਮਾਹਿਰ ਡਾਕਟਰੀ ਸਲਾਹ ਅਤੇ ਟੈਲੀਮੈਡੀਸਨ ਵਰਗੀਆਂ ਸਹੂਲਤਾਂ ਰਾਹੀਂ ਇਹ ਪਹਿਲਕਦਮੀ ਪੇਂਡੂਆਂ ਨੂੰ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਸਿਹਤ ਸਬੰਧੀ ਜਾਗਰੂਕਤਾ ਵਧਾਉਣ ਵਿੱਚ ਵੀ ਸਹਿਯੋਗ ਕਰ ਰਹੀ ਹੈ।

**59 ਪਿੰਡਾਂ ਵਿੱਚ ਹੁਣ ਤੱਕ 290 ਮੋਬਾਈਲ ਮੈਡੀਕਲ ਕੈਂਪ, 16 ਹਜ਼ਾਰ ਤੋਂ ਵੱਧ ਲੋਕਾਂ ਨੂੰ ਮਿਲਿਆ ਸਿਹਤ ਲਾਭ**

ਆਵਾਜ਼ਿ ਕੌਮ AWAZE QAUM International Newspaper & WEB TV

## ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਵਿਸ਼ਵ ਦਿਲ ਦਿਵਸ ਮਨਾਇਆ—ਤੰਦਰੁਸਤ ਦਿਲ ਲਈ ਸਮੇਂ ਸਿਰ ਜਾਂਚ ਤੇ ਜ਼ੋਰ




ਫ਼ਿਰੋਜ਼ਪੁਰ, 30 ਸਤੰਬਰ (ਮਨੋਹਰ ਲਾਲ) :— ਵਿਸ਼ਵ ਦਿਲ ਦਿਵਸ ਦੇ ਮੌਕੇ ਤੇ ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਦਿਲ ਦੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਸ਼ੁਰੂਆਤੀ ਪੜਾਅ ਤੇ ਇਨ੍ਹਾਂ ਦਾ ਪਤਾ ਲਗਾਉਣ ਬਾਰੇ ਜਾਗਰੂਕਤਾ ਪੈਦਾ ਕੀਤੀ। ਇਸ ਸਾਲ ਦੀ ਮੁਹਿੰਮ ਦਾ ਵਿਸ਼ਾ ਕਦਮ ਚੁੱਕਣ ਲਈ ਦਿਲ ਦੀ ਵਰਤੋਂ ਕਰੋ ਹੈ। ਸੀਨੀਅਰ ਕੰਸਲਟੈਂਟ ਇੰਟਰਵੈਨਸ਼ਨਲ ਕਾਰਡੀਓਲੋਜਿਸਟ ਅਤੇ ਡਾਇਰੈਕਟਰ ਕੈਥ ਲੈਬ ਡਾ: ਹਕੀਮ ਇਰਫਾਨ ਸ਼ੌਕਤ ਨੇ ਕਿਹਾ ਕਿ ਦਿਲ ਦੀ ਬਿਮਾਰੀ ਹੁਣ ਸਿਰਫ਼ ਬਜ਼ੁਰਗਾਂ ਤੱਕ ਸੀਮਤ ਨਹੀਂ ਰਹੀ। ਗਲਤ ਖੁਰਾਕ, ਤੰਬਾਕੂ ਦੀ ਵਰਤੋਂ, ਸਰੀਰਕ ਗਤੀਵਿਧੀ ਦੀ ਘਾਟ, ਮੋਟਾਪਾ, ਹਾਈ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਉੱਚ ਕੋਲੈਸਟ੍ਰੋਲ ਇਸ ਦੇ ਮੁੱਖ ਜੋਖਮ ਕਾਰਕ ਹਨ। ਉਨ੍ਹਾਂ ਸਲਾਹ ਦਿੱਤੀ ਕਿ ਛਾਤੀ ਵਿੱਚ ਦਰਦ, ਸਾਹ ਚੜ੍ਹਨਾ, ਅਚਾਨਕ ਪਸੀਨਾ ਆਉਣਾ, ਚੱਕਰ ਆਉਣਾ ਜਾਂ ਬੇਵਜ੍ਹਾ ਥਕਾਵਟ ਵਰਗੇ ਲੱਛਣਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ ਅਤੇ ਤੁਰੰਤ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਹਾਈ ਬੀ.ਪੀ, ਸ਼ੂਗਰ, ਉੱਚ ਕੋਲੈਸਟ੍ਰੋਲ ਜਾਂ ਦਿਲ ਦੀ ਬਿਮਾਰੀ ਦੇ ਪਰਿਵਾਰਕ ਇਤਿਹਾਸ ਵਾਲੇ ਲੋਕਾਂ ਨੂੰ ਨਿਯਮਤ ਜਾਂਚ ਕਰਵਾਉਣੀ ਚਾਹੀਦੀ ਹੈ। ਡਾ: ਸ਼ੌਕਤ ਨੇ ਰੋਜ਼ਾਨਾ ਸਰੀਰਕ ਗਤੀਵਿਧੀ, ਸੰਤੁਲਿਤ ਖੁਰਾਕ, ਸਿਹਤਮੰਦ ਭਾਰ ਬਣਾਈ ਰੱਖਣ, ਤਣਾਅ ਪ੍ਰਬੰਧਨ, ਵਿਸ਼ਵ ਸਿਹਤ ਸੰਗਠਨ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਨਮਕ ਦੀ ਮਾਤਰਾ ਨੂੰ ਰੋਜ਼ਾਨਾ 5 ਗ੍ਰਾਮ ਤੋਂ ਘੱਟ ਰੱਖਣ ਅਤੇ ਸਿਗਰਟਨੋਸ਼ੀ ਤੇ ਤੰਬਾਕੂ ਤੋਂ ਪੂਰੀ ਤਰ੍ਹਾਂ ਪਰਹੇਜ਼ ਕਰਨ ਰਾਹੀਂ ਬਿਮਾਰੀ ਦੀ ਰੋਕਥਾਮ ਤੇ ਜ਼ੋਰ ਦਿੱਤਾ। ਉਨ੍ਹਾਂ ਅੱਗੇ ਦੱਸਿਆ ਕਿ ਅਮਨਦੀਪ ਹਸਪਤਾਲ ਫਿਰੋਜ਼ਪੁਰ ਦਿਲ ਦੇ ਇਲਾਜ ਲਈ ਉੱਨਤ ਸਹੂਲਤਾਂ ਪ੍ਰਦਾਨ ਕਰਦਾ ਹੈ, ਜਿਨ੍ਹਾਂ ਵਿੱਚ ਐਂਜੀਓਗ੍ਰਾਫੀ, ਰੇਡੀਅਲ ਰੂਟ (ਹੱਥ ਦੀਆਂ ਧਮਣੀਆਂ ਰਾਹੀਂ) ਐਂਜੀਓਪਲਾਸਟੀ, ਪੇਸਮੇਕਰ ਲਗਾਉਣਾ, ਇਮਪਲਾਂਟੇਬਲ ਕਾਰਡੀਓਵਰਟਰ ਡੀਫਿਬ੍ਰਿਲੇਟਰ, ਈਕੋ, ਹੋਲਟਰ ਮਾਨੀਟਰਿੰਗ, ਟ੍ਰਾਂਸ ਈਸੋਫੇਜੀਅਲ ਈਕੋਕਾਰਡੀਓਗ੍ਰਾਫੀ, ਟ੍ਰੈਡਮਿਲ ਟੈਸਟ ਅਤੇ ਸਟ੍ਰੈਸ ਈਕੋ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਹ ਸਹੂਲਤਾਂ ਆਯੁਸ਼ਮਾਨ ਭਾਰਤ ਅਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਉਪਲਬਧ ਹਨ, ਜਿਸ ਵਿੱਚ ਯੋਗ ਲਾਭਪਾਤਰੀਆਂ ਲਈ ਦਿਲ ਵਿੱਚ ਸਟੰਟ ਪਾਉਣ ਦੀ ਮੁਫ਼ਤ ਸਹੂਲਤ ਵੀ ਸ਼ਾਮਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਮੰਗਾਂ ਨੂੰ ਲੈ ਕੇ ਮਾਲ ਵਿਭਾਗ ਦੇ ਸੇਵਾ ਮੁਕਤ ਕਰਮਚਾਰੀਆਂ ਨੇ ਜ਼ਿਲ੍ਹਾ ਮਾਲ ਅਫਸਰ ਨਾਲ ਕੀਤੀ ਮੀਟਿੰਗ



ਫ਼ਿਰੋਜ਼ਪੁਰ, 30 ਸਤੰਬਰ (ਮਨੋਹਰ ਲਾਲ) :— ਸਰਕਾਰੀ ਦਫਤਰਾਂ ਵਿੱਚ ਮਾਲ ਵਿਭਾਗ ਦੇ ਸੇਵਾ ਮੁਕਤ ਕਰਮਚਾਰੀਆਂ ਦੀ ਖੱਜਲ ਖੁਆਰੀ ਨੂੰ ਧਿਆਨ ਵਿੱਚ ਰੱਖਦਿਆਂ ਸੇਵਾ ਮੁਕਤ ਪਟਵਾਰੀ, ਕਾਨੂੰਨਗੋ, ਰੈਵੀਨਿਊ ਆਫ਼ਿਰਜ਼ ਯੂਨੀਅਨ ਫ਼ਿਰੋਜ਼ਪੁਰ ਦੇ ਅਹੁਦੇਦਾਰਾਂ ਦਾ ਇੱਕ ਵਫ਼ਦ ਜਸਬੀਰ ਸਿੰਘ ਸੈਣੀ ਪ੍ਰਧਾਨ ਅਤੇ ਸੰਤੋਖ ਸਿੰਘ ਤੱਖੀ ਜਨਰਲ ਸਕੱਤਰ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਮਿਲਣ ਲਈ ਗਿਆ। ਉਨ੍ਹਾਂ ਦੀ ਗ਼ੈਰ ਹਾਜ਼ਰੀ ਵਿੱਚ ਜ਼ਿਲ੍ਹਾ ਮਾਲ ਅਫ਼ਸਰ ਮੈਡਮ ਲਵਪ੍ਰੀਤ ਕੌਰ ਨੇ ਇਸ ਵਫ਼ਦ ਨਾਲ ਮੀਟਿੰਗ ਕੀਤੀ ਅਤੇ ਮੀਟਿੰਗ ਦੌਰਾਨ 1.1.2016 ਦੇ ਬਕਾਇਆਂ, ਪੈਂਡਿੰਗ ਪਏ ਮੈਡੀਕਲ ਬਿੱਲਾਂ ਅਤੇ ਸੇਵਾ ਮੁਕਤ ਹੋਣ ਵਾਲੇ ਕਰਮਚਾਰੀਆਂ ਦੇ ਬਕਾਇਆ ਪੈਨਸ਼ਨ ਕੇਸਾਂ ਨੂੰ ਲੈ ਕੇ ਪ੍ਰਸ਼ਾਸਨ ਨਾਲ ਖੁੱਲ ਕੇ ਵਿਚਾਰ ਵਟਾਂਦਰਾ ਹੋਇਆ। ਜਥੇਬੰਦੀ ਨੇ ਪੁਰਜ਼ੋਰ ਤਰੀਕੇ ਨਾਲ ਆਪਣਾ ਕੇਸ ਰੱਖਦਿਆਂ ਕਿਹਾ ਕਿ ਸਾਡੇ ਵੱਲੋਂ ਦਰਸਾਏ ਗਏ ਮਸਲੇ ਮੰਗਾਂ ਨਹੀਂ ਹਨ ਸਗੋਂ ਰੋਜ਼ਮਰ੍ਹਾ ਦੇ ਕੰਮ ਹਨ ਜਿਨ੍ਹਾਂ ਦੇ ਨਾ ਹੋਣ ਕਰਕੇ ਸੇਵਾ ਮੁਕਤ ਕਰਮਚਾਰੀਆਂ ਨੂੰ ਬਹੁਤ ਮੁਸ਼ਿਕਲ ਪੇਸ਼ ਆਉਂਦੀ ਹੈ। ਮੈਡਮ ਲਵਪ੍ਰੀਤ ਕੌਰ ਨੇ ਯਕੀਨ ਦੁਆਇਆ ਕਿ ਉਹ ਨਿੰਜੀ ਤੌਰ ਤੇ ਦਿਲਚਸਪੀ ਲੈ ਕੇ ਇਨ੍ਹਾਂ ਮਸਲਿਆਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਉਣਗੇ ਕਿਉਂਕਿ ਸੇਵਾ ਮੁਕਤ ਕਰਮਚਾਰੀ ਵੀ ਪ੍ਰਸ਼ਾਸਨ ਦੇ ਪਰਿਵਾਰ ਦਾ ਹਿੱਸਾ ਹਨ। ਇਸ ਵਫ਼ਦ ਵਿੱਚ ਮੁੱਖ ਸਲਾਹਕਾਰ ਹਰਮੀਤ ਵਿਦਿਆਰਥੀ, ਸਰਪ੍ਰਸਤ ਜਸਵੰਤ ਸਿੰਘ ਛਾਬੜਾ, ਮੀਤ ਪ੍ਰਧਾਨ ਸੁਖਦੇਵ ਸਿੰਘ, ਜਸਵਿੰਦਰ ਸਿੰਘ ਖੁੰਗਰ, ਸੁਧੀਰ ਕੁਮਾਰ, ਦਲੀਪ ਸਿੰਘ ਵਿਜੇ ਮੈਣੀ, ਜਸਪਾਲ ਸਿੰਘ, ਕੁਲਵੰਤ ਸਿੰਘ ਆਦਿ ਅਹੁਦੇਦਾਰ ਅਤੇ ਗੁਰਮੇਜ ਸਿੰਘ ਸਦਰ ਕਾਨੂੰਨਗੋ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕੀਤਾ ਤਾਂ 2 ਅਕਤੂਬਰ ਨੂੰ ਸੰਗਰੂਰ ਵਿੱਚ ਗੂੰਜੇਗੀ ਹੱਕਾਂ ਦੀ ਆਵਾਜ਼

**ਹੁਸ਼ਿਆਰਪੁਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਆਈਟੀਯੂ ਵੱਲੋਂ ਹੁਸ਼ਿਆਰਪੁਰ ਵਿੱਚ ਇੱਕ ਵਿਸ਼ਾਲ ਕਨਵੈਂਸ਼ਨ ਕੀਤੀ ਗਈ। ਕਨਵੈਂਸ਼ਨ ਵਿੱਚ ਹੁਸ਼ਿਆਰਪੁਰ ਦੇ ਅੱਠ ਬਲਾਕਾਂ ਵਿੱਚੋਂ ਵਰਕਰਾਂ ਤੇ ਹੈਲਪਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਕਨਵੈਂਸ਼ਨ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਜਿਹੜਾ ਸਕੱਤਰ ਸਰਬਜੀਤ ਕੌਰ ਨੇ ਦੱਸਿਆ ਕਿ ਕਨਵੈਂਸ਼ਨ ਨੂੰ ਸੰਬੋਧਨ ਕਰਦਿਆਂ ਜ਼ਿਲਾ ਪ੍ਰਧਾਨ ਗੁਰਬਖਸ਼ ਕੌਰ ਨੇ ਕਿਹਾ ਕਿ ਪੰਜਾਬ ਦੀਆਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਲੰਮੇ ਸਮੇਂ ਤੋਂ ਆਪਣੀਆਂ ਹਕੀ ਅਤੇ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੀਆਂ ਹਨ ਪਰ ਸਰਕਾਰ ਵੱਲੋਂ ਵਾਰ ਵਾਰ ਭਰੋਸੇ ਦਿੱਤੇ ਜਾਣ ਦੇ ਬਾਵਜੂਦ ਮੰਗਾਂ ਦਾ ਠੋਸ ਹੱਲ ਨਹੀਂ ਕੀਤਾ ਗਿਆ। ਜਥੇਬੰਦੀ ਦੀ ਸੂਬਾ ਪ੍ਰਧਾਨ ਸ਼੍ਰੀਮਤੀ ਹਰਜੀਤ ਕੌਰ ਪਿਜੋਲਾ ਅਤੇ ਸੂਬਾ ਜਨਰਲ ਸਕੱਤਰ ਸੁਭਾਸ਼ ਰਾਣੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਅਤੇ ਉਹਨਾਂ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਹਕੀ ਤੇ ਜਾਇਜ਼ ਮੰਗਾਂ ਮੰਨਣ ਦੀ ਬਜਾਏ ਲਾਰਾ ਲਾਊ ਤੇ ਡਾਂਗ ਟਪਾਉ ਨੀਤੀ ਤਹਿਤ ਸਮਾਂ ਲੰਘਾ ਰਹੀ ਹੈ। ਜਿਸ ਕਰਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵਿੱਚ ਰੋਸ ਦੀ ਲਹਿਰ ਫੈਲ ਗਈ ਹੈ। ਉਹਨਾਂ ਕਿਹਾ ਕਿ ਮੰਗਾਂ ਨਾ ਮੰਨਣ ਦੇ ਰੋਸ ਵਜੋਂ ਪੰਜਾਬ ਦੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਉ 2 ਅਕਤੂਬਰ ਨੂੰ ਸੰਗਰੂਰ ਦੇ ਵਿੱਚ ਕੀਤਾ ਜਾਵੇਗਾ। ਵਰਕਰਾਂ ਤੇ ਹੈਲਪਰਾਂ ਨੇ ਘਰਾਓ ਨੂੰ ਕਾਮਯਾਬ ਕਰਨ ਦਾ ਪੂਰਾ ਵਿਸ਼ਵਾਸ ਦਿੱਤਾ। ਬੁਲਾਰਿਆਂ ਨੇ ਮੰਗ ਕੀਤੀ ਕਿ ਆਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੇ ਮਾਣ ਭੱਤੇ ਵਿੱਚ ਵਾਧਾ ਕਰਕੇ ਦੁਗਣਾ ਕੀਤਾ ਜਾਵੇ, ਮਾਨਯੋਗ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਗਰੈਚਟੀ ਦਾ ਲਾਭ ਆਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਤੁਰੰਤ ਦਿੱਤਾ ਜਾਵੇ, ਆਗਣਵਾੜੀ ਵਰਕਰਾਂ ਵਿੱਚੋਂ ਸੁਪਰਵਾਈਜ਼ਰ ਦੀਆਂ ਤਰੱਕੀਆਂ ਤੁਰੰਤ ਕੀਤੀਆਂ ਜਾਣ, ਵਰਕਰਾਂ ਤੇ ਹੈਲਪਰਾਂ ਦੀ ਇੰਕਰੀਮੈਂਟ ਵਿੱਚ ਵਾਧਾ ਕੀਤਾ ਜਾਵੇ।

## ਬੰਦੀ ਸਿੰਘ ਰਿਹਾਈ ਮਾਰਚ ਵਿੱਚ

# ਵਹੀਰਾਂ ਘੱਤ ਕੇ ਪੁੱਜਣ ਸੰਗਤਾਂ - ਯੂਨਾਈਟਿਡ ਖ਼ਾਲਸਾ ਦਲ

**ਲੰਡਨ, 30 ਸਤੰਬਰ (ਸਰਬਜੀਤ ਸਿੰਘ ਬਨੂੜ/ਆਵਾਜ਼ਿ ਕੌਮ ਬਿਊਰੋ)**- ਯੂਨਾਈਟਿਡ ਖ਼ਾਲਸਾ ਦਲ ਯੂ.ਕੇ. ਨੇ ਪੰਜਾਬ ਭਰ ਦੀਆਂ ਸਿੱਖ ਸੰਗਤਾਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ 2 ਅਕਤੂਬਰ ਨੂੰ ਸ਼ੁਰੂ ਕੀਤੇ ਜਾ ਰਹੇ ਬੰਦੀ ਸਿੰਘ ਰਿਹਾਈ ਮਾਰਚ ਵਿੱਚ ਵਹੀਰਾਂ ਘੱਤ ਕੇ ਸ਼ਮੂਲੀਅਤ ਕੀਤੀ ਜਾਵੇ। ਜਥੇਬੰਦੀ ਨੇ ਸੰਗਤਾਂ ਨੂੰ 2 ਅਤੇ 3 ਅਕਤੂਬਰ ਦੇ ਦਿਨ ਆਪਣੇ ਸਮਾਜਿਕ, ਰਾਜਨੀਤਕ ਅਤੇ ਆਰਥਿਕ ਰੁਝੇਵਿਆਂ ਤੋਂ ਵਿਹਲੇ ਰੱਖ ਕੇ ਮਾਰਚ ਦਾ ਹਿੱਸਾ ਬਣਨ ਅਤੇ ਇੱਕਜੁਟਤਾ ਦਾ ਪ੍ਰਗਟਾਵਾ ਕਰਨ ਦਾ ਸੱਦਾ ਦਿੱਤਾ ਹੈ।



ਜਥੇਬੰਦੀ ਦੇ ਪ੍ਰਧਾਨ ਭਾਈ ਨਿਰਮਲ ਸਿੰਘ ਸੰਧੂ ਅਤੇ ਜਨਰਲ ਸਕੱਤਰ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ, ਭਾਈ ਪਰਮਜੀਤ ਸਿੰਘ ਭਿਉਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਰਮਨਦੀਪ ਸਿੰਘ ਬੱਗਾ, ਭਾਈ ਹਰਦੀਪ ਸਿੰਘ ਸ਼ੇਰਾ, ਭਾਈ ਧਰਮਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਜੱਗੀ ਜੌਹਲ ਸਮੇਤ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚਾ ਲੰਬੇ ਸਮੇਂ ਤੋਂ ਸੰਘਰਸ਼ ਕਰ ਰਿਹਾ ਹੈ। ਆਗੂਆਂ ਨੇ ਦੋਸ਼ ਲਾਇਆ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਨੇ ਮੋਰਚੇ ਦੇ ਸੰਚਾਲਕਾਂ ਤੇ ਸਮਰਥਕਾਂ ਦੀ ਦ੍ਰਿੜ੍ਹਤਾ ਅਤੇ ਸਬਰ ਨੂੰ ਅਣਗੌਲਿਆਂ ਕੀਤਾ ਹੈ। ਉਨ੍ਹਾਂ ਕਿਹਾ ਕਿ ਮੋਰਚੇ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕਰਨ ਦੇ ਐਲਾਨ ਨਾਲ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਮੁੜ ਜ਼ੋਰ ਨਾਲ ਉੱਭਰੀ ਹੈ ਅਤੇ ਸਰਕਾਰਾਂ ਨੂੰ ਇਸ ਮਸਲੇ ਪ੍ਰਤੀ ਗੰਭੀਰਤਾ ਦਿਖਾਉਣੀ ਚਾਹੀਦੀ ਹੈ।

ਭਾਈ ਜਗਤਾਰ ਸਿੰਘ ਹਵਾਰਾ ਦਾ ਜ਼ਿਕਰ ਕਰਦਿਆਂ ਆਗੂਆਂ ਨੇ ਕਿਹਾ ਕਿ ਸਿੱਖ ਸੰਗਤਾਂ ਵੱਲੋਂ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਜੋਂ ਚੁਣੇ ਜਾਣ ਦੇ ਬਾਵਜੂਦ ਸਰਕਾਰੀ ਪੱਧਰ 'ਤੇ ਕੋਈ ਰਾਹਤ ਨਹੀਂ ਦਿੱਤੀ ਜਾ ਰਹੀ। ਉਨ੍ਹਾਂ ਦਾਅਵਾ ਕੀਤਾ ਕਿ ਪੈਰੋਲ ਦੀਆਂ ਲੋੜੀਂਦੀਆਂ ਸ਼ਰਤਾਂ ਪੂਰੀਆਂ ਹੋਣ ਦੇ ਬਾਵਜੂਦ ਹਵਾਰਾ ਨੂੰ ਆਪਣੀ ਬਿਮਾਰ ਮਾਤਾ ਨਾਲ ਮੁਲਾਕਾਤ ਲਈ ਪੈਰੋਲ ਨਹੀਂ ਦਿੱਤੀ ਜਾ ਰਹੀ।

ਬਿਆਨ ਵਿੱਚ ਆਗੂਆਂ ਨੇ ਲੰਬੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਉਨ੍ਹਾਂ ਦਾ ਹੱਕ ਦੱਸਦਿਆਂ ਕਿਹਾ ਕਿ ਕਈ ਬੰਦੀ ਸਿੰਘ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਹਨ। ਉਨ੍ਹਾਂ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦੀ ਰਿਹਾਈ ਦੀ ਮੰਗ ਵੀ ਕੀਤੀ ਅਤੇ ਸਰਕਾਰਾਂ ਦੀਆਂ ਨੀਤੀਆਂ ਨੂੰ ਸਿੱਖਾਂ ਨਾਲ ਵਿਤਕਰੇ ਵਾਲੀਆਂ ਕਰਾਰ ਦਿੱਤਾ।

ਆਗੂਆਂ ਨੇ ਆਪਣੇ ਸਿਆਸੀ ਪੱਖ ਨੂੰ ਦੁਹਰਾਉਂਦਿਆਂ ਕਿਹਾ ਕਿ ਉਨ੍ਹਾਂ ਅਨੁਸਾਰ ਸਿੱਖਾਂ ਦੀਆਂ ਧਾਰਮਿਕ, ਆਰਥਿਕ, ਸਮਾਜਿਕ ਅਤੇ ਰਾਜਨੀਤਕ ਸਮੱਸਿਆਵਾਂ ਦਾ ਸਥਾਈ ਹੱਲ ਖ਼ਾਲਿਸਤਾਨ ਦੀ ਕਾਇਮੀ ਵਿੱਚ ਹੈ। ਉਨ੍ਹਾਂ ਇਸ ਟੀਚੇ ਲਈ ਜਾਨਾਂ ਵਾਰਨ ਵਾਲੇ ਸਿੰਘਾਂ, ਸਿੰਘਣੀਆਂ ਅਤੇ ਭੁਜੰਗੀਆਂ ਨੂੰ ਯਾਦ ਕਰਦਿਆਂ ਕੌਮ ਨੂੰ ਆਪਣੇ ਹੱਕਾਂ ਪ੍ਰਤੀ ਸੁਚੇਤ ਅਤੇ ਯਤਨਸ਼ੀਲ ਰਹਿਣ ਦਾ ਸੱਦਾ ਦਿੱਤਾ।

**2 ਤੇ 3 ਅਕਤੂਬਰ ਨੂੰ ਸਮਾਜਿਕ, ਰਾਜਨੀਤਕ ਅਤੇ ਆਰਥਿਕ ਰੁਝੇਵਿਆਂ ਤੋਂ ਵਿਹਲੇ ਰਹਿ ਕੇ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ**

ਯੂਨਾਈਟਿਡ ਖ਼ਾਲਸਾ ਦਲ ਯੂ.ਕੇ. ਨੇ ਅਪੀਲ ਕੀਤੀ ਕਿ ਸੰਗਤਾਂ 2 ਅਤੇ 3 ਅਕਤੂਬਰ ਨੂੰ ਵੱਡੀ ਗਿਣਤੀ ਵਿੱਚ ਬੰਦੀ ਸਿੰਘ ਰਿਹਾਈ ਮਾਰਚ ਦਾ ਹਿੱਸਾ ਬਣ ਕੇ ਰਿਹਾਈ ਦੀ ਮੰਗ ਨੂੰ ਹੋਰ ਮਜ਼ਬੂਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪਰਵਾਸੀ ਪੰਜਾਬੀ ਭਾਈਚਾਰੇ ਲਈ ਜ਼ਰੂਰੀ, ਸਬੂਤ-ਅਧਾਰਤ ਜਾਣਕਾਰੀ

# ਅਕਾਲੀ ਦਲ (ਵਾਰਿਸ ਪੰਜਾਬ ਦੇ) ਦੀ ਮੌਜੂਦਾ ਕਾਨੂੰਨੀ ਅਤੇ ਚੋਣੀ ਸਥਿਤੀ ਕੀ ਹੈ ?

**ਅੰਮ੍ਰਿਤਸਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇਸ ਮਾਮਲੇ ਬਾਰੇ ਸੋਸ਼ਲ ਮੀਡੀਆ ਉੱਤੇ ਵੱਖ-ਵੱਖ ਦਾਅਵੇ ਕੀਤੇ ਜਾ ਰਹੇ ਹਨ। ਇਸ ਲਈ ਅਸੀਂ ਰਾਏ ਜਾਂ ਅਫ਼ਵਾਹ ਦੀ ਬਜਾਏ ਅਦਾਲਤੀ ਰਿਕਾਰਡ ਅਤੇ ਚੋਣ ਕਮਿਸ਼ਨ ਨਾਲ ਸਬੰਧਤ ਤਾਜ਼ਾ ਜਾਣਕਾਰੀ ਦੇ ਆਧਾਰ 'ਤੇ ਗੱਲ ਕਰੀਏ। ਦਿੱਲੀ ਹਾਈ ਕੋਰਟ ਦੇ ਕੇਸ ਰਿਕਾਰਡ ਅਨੁਸਾਰ TAkali Dal Waris Punjab De Proposed Name Of Political PartyU ਬਨਾਮ Election Commission of India ਮਾਮਲਾ ਅਦਾਲਤ ਵਿੱਚ ਦਰਜ ਹੈ ਅਤੇ ਹਾਲੇ Pending ਹੈ। ਕੇਸ ਨੰਬਰ W.P.(C) 8449/2026 ਹੈ। ਇਸ ਮਾਮਲੇ ਦੀ ਸਭ ਤੋਂ ਤਾਜ਼ਾ ਮਹੱਤਵਪੂਰਨ ਕਾਰਵਾਈ 29 ਸਤੰਬਰ 2026 ਨੂੰ ਹੋਈ। ਉਸ ਦਿਨ ਭਾਰਤ ਦੇ ਚੋਣ ਕਮਿਸ਼ਨ ਨੇ ਦਿੱਲੀ ਹਾਈ ਕੋਰਟ ਵਿੱਚ ਦੱਸਿਆ ਕਿ ਪਾਰਟੀ ਦੀ ਰਜਿਸਟ੍ਰੇਸ਼ਨ ਬਾਰੇ ਉਸਦੇ ਸਾਹਮਣੇ "national security" ਨਾਲ ਸਬੰਧਤ ਕੁਝ ਚਿੰਤਾਵਾਂ ਹਨ। ਇਹ ਚੋਣ ਕਮਿਸ਼ਨ ਦੇ ਵਕੀਲ ਵੱਲੋਂ ਅਦਾਲਤ ਵਿੱਚ ਦਿੱਤੀ ਗਈ ਦਲੀਲ/ਜਾਣਕਾਰੀ ਹੈ—ਇਸਨੂੰ ਅਦਾਲਤ ਵੱਲੋਂ ਸਾਬਤ ਕੀਤਾ ਗਿਆ ਕੋਈ ਦੋਸ਼ ਨਹੀਂ ਮੰਨਿਆ ਜਾਣਾ ਚਾਹੀਦਾ। ਰਿਪੋਰਟ ਮੁਤਾਬਕ ਪਾਰਟੀ ਨੇ ਜਨਵਰੀ 2025 ਵਿੱਚ ਰਜਿਸਟ੍ਰੇਸ਼ਨ ਲਈ ਅਰਜ਼ੀ ਦਿੱਤੀ ਸੀ ਅਤੇ ਜੂਨ 2026 ਵਿੱਚ ਇਸ ਮਾਮਲੇ ਨੂੰ ਲੈ ਕੇ ਦਿੱਲੀ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ। 26 ਅਗਸਤ 2026 ਦੀ ਰਿਪੋਰਟ ਵਿੱਚ ਵੀ ਦਰਜ ਕੀਤਾ ਗਿਆ ਸੀ ਕਿ ਅਕਾਲੀ ਦਲ (ਵਾਰਿਸ ਪੰਜਾਬ ਦੇ) ਨੂੰ ਉਸ ਸਮੇਂ ਤੱਕ 539 ਤੋਂ ਨਾ ਤਾਂ ਰਸਮੀ ਰਜਿਸਟ੍ਰੇਸ਼ਨ ਮਿਲੀ ਸੀ ਅਤੇ ਨਾ ਹੀ ਚੋਣ ਨਿਸ਼ਾਨ। ਪਾਰਟੀ ਨੇ ਇਸਦੇ ਬਾਵਜੂਦ ਉਮੀਦਵਾਰਾਂ ਦੇ ਨਾਮ ਐਲਾਨਣੇ ਸ਼ੁਰੂ ਕਰ ਦਿੱਤੇ ਸਨ। 29 ਸਤੰਬਰ ਦੀ ਹਾਈ ਕੋਰਟ ਕਾਰਵਾਈ ਵਿੱਚ ਪਾਰਟੀ ਵੱਲੋਂ ਪੇਸ਼ ਹੋਏ ਵਕੀਲ ਨੇ ਵੀ ਕਿਹਾ ਕਿ ਜੇ ਰਜਿਸਟ੍ਰੇਸ਼ਨ ਮਨਜ਼ੂਰ ਹੁੰਦੀ ਹੈ ਤਾਂ ਚੋਣ ਨਿਸ਼ਾਨ ਲਈ ਅਗਲੀ ਕਾਰਵਾਈ ਕਰਨੀ ਹੋਵੇਗੀ। ਇਸ ਲਈ 30 ਸਤੰਬਰ 2026 ਤੱਕ ਉਪਲਬਧ ਸਬੂਤਾਂ ਦੇ ਆਧਾਰ 'ਤੇ ਇਹ ਕਹਿਣਾ ਸਹੀ ਨਹੀਂ ਹੋਵੇਗਾ ਕਿ ਇਸ ਪਾਰਟੀ ਨੂੰ 539 ਵੱਲੋਂ ਆਪਣਾ ਅਧਿਕਾਰਤ ਚੋਣ ਨਿਸ਼ਾਨ ਮਿਲ ਚੁੱਕਾ ਹੈ।




NRI ਭਾਈਚਾਰੇ ਲਈ ਇਹ ਜਾਣਕਾਰੀ ਕਿਉਂ ਮਹੱਤਵਪੂਰਨ ਹੈ ?

ਜੇ ਕੋਈ ਪਰਵਾਸੀ ਪੰਜਾਬੀ ਕਿਸੇ ਰਾਜਨੀਤਿਕ ਸੰਸਥਾ ਨੂੰ ਆਰਥਿਕ ਯੋਗਦਾਨ ਦੇਣ ਬਾਰੇ ਸੋਚ ਰਿਹਾ ਹੈ ਤਾਂ ਸਭ ਤੋਂ ਪਹਿਲਾਂ ਇਹ ਦਸਤਾਵੇਜ਼ ਜ਼ਰੂਰ ਵੇਖੇ:

1 ECI ਦੀ ਰਜਿਸਟ੍ਰੇਸ਼ਨ ਦਾ ਅਧਿਕਾਰਤ ਸਬੂਤ

2 ECI ਵੱਲੋਂ ਚੋਣ ਨਿਸ਼ਾਨ ਅਲਾਟ ਕਰਨ ਦਾ ਅਧਿਕਾਰਤ ਹੁਕਮ

3 ਪੈਸਾ ਪ੍ਰਾਪਤ ਕਰਨ ਵਾਲੀ ਕਾਨੂੰਨੀ ਸੰਸਥਾ ਅਤੇ ਬੈਂਕ ਖਾਤੇ ਦਾ ਨਾਮ

4 ਅਧਿਕਾਰਤ ਰਸੀਦ ਅਤੇ ਲੇਖਾ-ਜੋਖਾ ਪ੍ਰਬੰਧ

5 ਵਿਦੇਸ਼ ਤੋਂ ਆਉਣ ਵਾਲੇ ਯੋਗਦਾਨ ਉੱਤੇ ਲਾਗੂ ਭਾਰਤੀ ਕਾਨੂੰਨਾਂ ਦੀ ਪਾਲਣਾ

ਖਾਸ ਕਰਕੇ ਕਿਸੇ ਵਿਅਕਤੀ ਦੇ ਨਿੱਜੀ ਬੈਂਕ ਖਾਤੇ ਵਿੱਚ ਰਾਜਨੀਤਿਕ ਯੋਗਦਾਨ ਭੇਜਣ ਤੋਂ ਪਹਿਲਾਂ ਉਸ ਪੈਸੇ ਦੀ ਕਾਨੂੰਨੀ ਸਥਿਤੀ ਅਤੇ ਲੇਖਾ-ਜੋਖੇ ਬਾਰੇ ਪੂਰੀ ਪੁਸ਼ਟੀ ਕਰਨੀ ਚਾਹੀਦੀ ਹੈ। ਇਹ ਰਿਪੋਰਟ ਕਿਸੇ ਪਾਰਟੀ ਦੇ ਹੱਕ ਜਾਂ ਵਿਰੋਧ ਵਿੱਚ ਨਹੀਂ ਹੈ। ਇਹ ਸਿਰਫ਼ ਉਹੀ ਗੱਲ ਸਾਹਮਣੇ ਰੱਖ ਰਹੀ ਹੈ ਜੋ ਅਦਾਲਤੀ ਰਿਕਾਰਡ ਅਤੇ ਉਪਲਬਧ ਚੋਣੀ ਜਾਣਕਾਰੀ ਤੋਂ ਜਾਂਚੀ ਜਾ ਸਕਦੀ ਹੈ। ਰਾਜਨੀਤਿਕ ਫੈਸਲਾ ਆਪਣੀ ਸਮਝ ਨਾਲ ਕਰੋ — ਪਰ ਕਾਨੂੰਨੀ ਸਥਿਤੀ ਦਸਤਾਵੇਜ਼ਾਂ ਤੋਂ ਜਾਂਚੋ। ਆਰਥਿਕ ਯੋਗਦਾਨ ਦੇਣ ਤੋਂ ਪਹਿਲਾਂ ਪ੍ਰਾਪਤਕਰਤਾ ਅਤੇ ਕਾਨੂੰਨੀ ਪ੍ਰਕਿਰਿਆ ਦੀ ਪੁਸ਼ਟੀ ਕਰੋ। ਇਹ ਜਾਣਕਾਰੀ ਆਪਣੇ NRI ਪਰਿਵਾਰਕ ਮੈਂਬਰਾਂ, ਦੋਸਤਾਂ, ਰਿਸ਼ਤੇਦਾਰਾਂ ਅਤੇ ਪੰਜਾਬ ਨਾਲ ਜੁੜੇ ਵਟਸਐਪ/ਫੇਸਬੁੱਕ ਸਮੂਹਾਂ ਵਿੱਚ ਜ਼ਰੂਰ ਸਾਂਝੀ ਕਰੋ।

ਹੋ ਸਕਦਾ ਹੈ ਇਹ ਜਾਣਕਾਰੀ ਕਿਸੇ ਇੱਕ ਵਿਅਕਤੀ ਨੂੰ ਗਲਤ ਜਾਣਕਾਰੀ 'ਤੇ ਭਰੋਸਾ ਕਰਨ ਤੋਂ ਬਚਾ ਲਵੇ, ਕਿਸੇ ਨੂੰ ਸਹੀ ਦਸਤਾਵੇਜ਼ ਮੰਗਣ ਲਈ ਪ੍ਰੇਰਿਤ ਕਰੇ ਜਾਂ ਕਿਸੇ ਆਰਥਿਕ ਫੈਸਲੇ ਤੋਂ ਪਹਿਲਾਂ ਕਾਨੂੰਨੀ ਸਥਿਤੀ ਜਾਂਚਣ ਵਿੱਚ ਮਦਦ ਕਰੇ।

ਸਾਂਝਾ ਕਰਨਾ ਕਿਸੇ ਪਾਰਟੀ ਦੀ ਹਮਾਇਤ ਨਹੀਂ।

ਸਹੀ ਜਾਣਕਾਰੀ ਸਾਂਝੀ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

ਮੁੱਖ ਸਬੂਤ:

* ਦਿੱਲੀ ਹਾਈ ਕੋਰਟ ਕੇਸ ਰਿਕਾਰਡ — W.P.(C) 8449/2026
* 29 ਸਤੰਬਰ 2026 ਦੀ ਹਾਈ ਕੋਰਟ ਕਾਰਵਾਈ ਬਾਰੇ ਰਿਪੋਰਟ, ਜਿਸ ਵਿੱਚ ECI ਦੀ submission ਦਰਜ ਹੈ
* 26 ਅਗਸਤ 2026 ਦੀ ਚੋਣੀ ਸਥਿਤੀ ਬਾਰੇ ਰਿਪੋਰਟ

ਆਵਾਜ਼ਿ ਕੌਮ AWAZE QAUM International Newspaper & WEB TV

# ਸੀਨੇਟ ਚੋਣ ਵਿੱਚ ਜਿੱਤ ਤੇ ਡਾ: ਐਨ.ਆਰ. ਸ਼ਰਮਾ ਨੂੰ ਅਭਿਸ਼ੇਕ ਅਰੋੜਾ ਨੇ ਦਿੱਤੀ ਵਧਾਈ



ਫ਼ਿਰੋਜ਼ਪੁਰ, 30 ਸਤੰਬਰ (ਮਨੋਹਰ ਲਾਲ) :— ਪੰਜਾਬ ਯੂਨੀਵਰਸਿਟੀ ਸੀਨੇਟ ਚੋਣ—2026 ਵਿੱਚ ਹੈਡਜ਼ ਆਫ ਐਫਿਲੀਏਟਿਡ ਆਰਟਸ ਕਾਲਜਿਜ਼ ਹਲਕੇ ਤੋਂ ਜਿੱਤ ਦਰਜ ਕਰਨ ਤੇ ਪੰਜਾਬ ਯੂਨੀਵਰਸਿਟੀ ਕੰਪੋਨੈਂਟ ਕਾਲਜ ਮੋਹਕਮ ਖਾਨ ਵਾਲਾ ਫਿਰੋਜ਼ਪੁਰ ਦੇ ਪ੍ਰਿੰਸੀਪਲ ਡਾ: ਐਨ.ਆਰ. ਸ਼ਰਮਾ ਨੂੰ ਅਭਿਸ਼ੇਕ ਅਰੋੜਾ ਨੇ ਵਧਾਈ ਦਿੱਤੀ। ਉਨ੍ਹਾਂ ਡਾ: ਸ਼ਰਮਾ ਨਾਲ ਨਿੱਜੀ ਤੌਰ ਤੇ ਮੁਲਾਕਾਤ ਕਰਕੇ ਜਿੱਤ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਲਗਭਗ 13 ਉਮੀਦਵਾਰਾਂ ਵਿਚਕਾਰ ਹੋਏ ਮੁਕਾਬਲੇ ਵਿੱਚ ਡਾ: ਸ਼ਰਮਾ ਨੇ ਸਭ ਤੋਂ ਵੱਧ ਵੋਟਾਂ ਹਾਸਲ ਕੀਤੀਆਂ, ਇਸ ਤੋਂ ਪਹਿਲਾਂ ਵੀ ਉਹ ਪੰਜਾਬ ਯੂਨੀਵਰਸਿਟੀ ਸੀਨੇਟ ਦੇ ਮੈਂਬਰ ਰਹਿ ਚੁੱਕੇ ਹਨ ਅਤੇ ਲਗਾਤਾਰ ਦੋ ਕਾਰਜਕਾਲਾਂ ਲਈ ਚੁਣੇ ਗਏ ਸਨ। ਅਭਿਸ਼ੇਕ ਅਰੋੜਾ ਨੇ ਕਿਹਾ ਕਿ ਡਾ: ਸ਼ਰਮਾ ਦਾ ਤਜਰਬਾ ਅਤੇ ਪ੍ਰਸ਼ਾਸਨਿਕ ਯੋਗਤਾ ਯੂਨੀਵਰਸਿਟੀ ਅਤੇ ਸਬੰਧਤ ਕਾਲਜਾਂ ਦੇ ਵਿੱਦਿਅਕ ਵਿਕਾਸ ਵਿੱਚ ਅਹਿਮ ਯੋਗਦਾਨ ਪਾਵੇਗੀ। ਡਾ: ਸ਼ਰਮਾ ਨੇ ਆਪਣੀ ਜਿੱਤ ਲਈ ਪ੍ਰਿੰਸੀਪਲਾਂ ਅਤੇ ਸਹਿਕਰਮੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉੱਚ ਸਿੱਖਿਆ ਅਤੇ ਸਬੰਧਤ ਕਾਲਜਾਂ ਦੇ ਹਿੱਤਾਂ ਲਈ ਪੂਰੀ ਜ਼ਿੰਮੇਵਾਰੀ ਅਤੇ ਸਮਰਪਣ ਨਾਲ ਕੰਮ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਲਹਿੰਦੇ ਪੰਜਾਬ 'ਚ ਐੱਚਆਈਵੀ ਦੇ ਇਕੱਲੇ ਲਾਹੌਰ 'ਚ 7,041 ਮਰੀਜ਼, ਸੱਤ ਮਹੀਨਿਆਂ ਨੇ ਪਿਛਲੇ ਪੂਰੇ ਸਾਲ ਨੂੰ ਪਛਾੜਿਆ

## ਨਨਕਾਣਾ ਸਾਹਿਬ, ਫ਼ੈਸਲਾਬਾਦ , ਕਸੂਰ ,ਓਕਾੜਾ, ਗੁਜਰਾਂਵਾਲਾ ਅਤੇ ਬਹਾਵਲਨਗਰ ਵਿੱਚ 9,634 ਮਰੀਜ਼ਾਂ ਦੀ ਨਵੀਂ ਰਜਿਸਟ੍ਰੇਸ਼ਨ, ਸਿਹਤ ਪ੍ਰਬੰਧਾਂ ਅੱਗੇ ਵੱਡੀ ਚੁਣੌਤੀ

**ਲੰਡਨ, 30 ਸਤੰਬਰ (ਸਰਬਜੀਤ ਸਿੰਘ ਬਨੂੜ)**- ਪਾਕਿਸਤਾਨ ਦੇ ਪੰਜਾਬ ਸੂਬੇ ਵਿੱਚ ਜਨਵਰੀ ਤੋਂ ਜੁਲਾਈ 2026 ਦੌਰਾਨ ਐੱਚਆਈਵੀ ਨਾਲ ਜੀਅ ਰਹੇ 9,634 ਵਿਅਕਤੀਆਂ ਦੀ ਨਵੀਂ ਰਜਿਸਟ੍ਰੇਸ਼ਨ ਹੋਣ ਦੀ ਰਿਪੋਰਟ ਸਾਹਮਣੇ ਆਈ ਹੈ। ਇਹ ਅੰਕੜਾ ਸਾਲ 2025 ਦੀਆਂ ਕੁੱਲ 7,920 ਰਜਿਸਟ੍ਰੇਸ਼ਨਾਂ ਨਾਲੋਂ ਲਗਭਗ 22 ਫ਼ੀਸਦੀ ਵੱਧ ਹੈ। ਰਿਪੋਰਟ ਮੁਤਾਬਕ ਲਾਹੌਰ ਵਿੱਚ ਸਭ ਤੋਂ ਵੱਧ 7,041 ਰਜਿਸਟ੍ਰੇਸ਼ਨਾਂ ਦਰਜ ਹੋਈਆਂ। ਫ਼ੈਸਲਾਬਾਦ ਵਿੱਚ 728 ਅਤੇ ਕਸੂਰ ਵਿੱਚ 393 ਰਜਿਸਟ੍ਰੇਸ਼ਨਾਂ ਹੋਈਆਂ। ਇਸ ਤੋਂ ਇਲਾਵਾ ਓਕਾੜਾ ਵਿੱਚ 232, ਨਨਕਾਣਾ ਸਾਹਿਬ ਵਿੱਚ 125, ਗੁਜਰਾਂਵਾਲਾ ਵਿੱਚ 117 ਅਤੇ ਬਹਾਵਲਨਗਰ ਵਿੱਚ 111 ਵਿਅਕਤੀ ਰਜਿਸਟਰ ਕੀਤੇ ਗਏ। ਰਿਪੋਰਟ ਵਿੱਚ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਇਹ ਅੰਕੜੇ ਸਿਹਤ ਪ੍ਰਣਾਲੀ ਵਿੱਚ ਨਵੇਂ ਰਜਿਸਟਰ ਹੋਏ ਵਿਅਕਤੀਆਂ ਦੇ ਹਨ ਤੇ ਜਦ ਕਿ ਗਿਣਤੀ ਲਗਾਤਾਰ ਵਧਦੀ ਜਾ ਰਹੀ ਹੈ, ਜੋ ਸਿਹਤ ਮੰਤਰਾਲੇ ਲਈ ਚਿੰਤਾਜਨਕ ਹੈ।




ਆਵਾਜ਼ਿ ਕੌਮ AWAZE QAUM International Newspaper & WEB TV




ਜਨਮ ਦਿਨ ਮੁਬਾਰਕ

ਯੁਵਰਾਜ ਸਿੰਘ

ਪਿਤਾ : ਅਮਨਦੀਪ ਸਿੰਘ

ਮਾਤਾ : ਕਿਰਨ ਕੌਰ

ਪਿੰਡ ਕਟਾਰ ਸਿੰਘ ਵਾਲਾ, ਜ਼ਿਲ੍ਹਾ ਬਠਿੰਡਾ

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਜਾਂਚ ਸੀਬੀਆਈ ਹਵਾਲੇ ਕਰੇ ਪੰਜਾਬ ਸਰਕਾਰ- ਐਡਵੋਕੇਟ ਧਾਮੀ

# ਭਾਈ ਰਾਜੋਆਣਾ ਦੀਆਂ ਭਾਵਨਾਵਾਂ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਨਿਰਦੇਸ਼ ਦੇਣ ਦੀ ਕੀਤੀ ਅਪੀਲ





**ਅੰਮ੍ਰਿਤਸਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਅੱਜ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ, ਜਿਸ ਵਿਚ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪੇ ਜਾਣ, ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ’ਚ ਨਿਰਦੇਸ਼ ਦੇਣ, ਗੁਰਦੁਆਰਾ ਪ੍ਰਬੰਧ ਲਈ ਪੰਜਾਬ ਦਾ ਵੱਖਰਾ ਐਕਟ ਬਨਾਉਣ ਲਈ ਕੁਝ ਲੋਕਾਂ ਵੱਲੋਂ ਬਿਆਨਬਾਜ਼ੀ ਕਰਨ ਦੇ ਮਾਮਲੇ ’ਤੇ ਚਰਚਾ ਕਰਨ ਦੇ ਨਾਲ-ਨਾਲ ਮੀਰੀ ਪੀਰੀ ਖਾਲਸਾ ਮਾਰਚ ਦੌਰਾਨ ਵੱਡੀ ਗਿਣਤੀ ਵਿਚ ਸ਼ਮੂਲੀਅਤ ਅਤੇ ਸਹਿਯੋਗ ਕਰਨ ਵਾਲੀਆਂ ਜਥੇਬੰਦੀਆਂ ਅਤੇ ਸੰਗਤਾਂ ਪ੍ਰਤੀ ਧੰਨਵਾਦੀ ਮਤਾ ਪਾਸ ਕੀਤਾ ਗਿਆ।

ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਵਿਚ ਇਕ ਬੀਬੀ ਵੱਲੋਂ ਲਗਾਏ ਗਏ ਦੋਸ਼ਾਂ ਦੇ ਮਾਮਲੇ ਵਿਚ ਪਰਚਾ ਦਰਜ ਹੋਣ ਦੇ ਬਾਅਦ ਉਸ ਦੀ ਜਾਂਚ ਨਿਰਪੱਖ ਜਾਂਚ ਏਜੰਸੀ ਤੋਂ ਹੋਣੀ ਚਾਹੀਦੀ ਹੈ ਅਤੇ ਜਾਂਚ ਦੇ ਵਿਸ਼ਿਆਂ ਨੂੰ ਸੋਸ਼ਲ ਮੀਡੀਆ ਟਰਾਇਲ ਦਾ ਵਿਸ਼ਾ ਨਹੀਂ ਬਣਾਇਆ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਕੁਝ ਧਿਰਾਂ ਵੱਲੋਂ ਸ਼੍ਰੋਮਣੀ ਕਮੇਟੀ ਦੀ ਜਾਂਚ ਟੀਮ ’ਤੇ ਇਤਰਾਜ਼ ਜਤਾਇਆ ਜਾ ਰਿਹਾ ਹੈ, ਜਦਕਿ ਪੰਜਾਬ ਸਰਕਾਰ ਵੱਲੋਂ ਪੁਲਿਸ ਦੁਆਰਾ ਕਰਵਾਈ ਜਾ ਰਹੀ ਜਾਂਚ ’ਤੇ ਵੀ ਲੋਕਾਂ ਦਾ ਭਰੋਸਾ ਨਹੀਂ ਹੈ। ਇਸ ਲਈ ਅੰਤ੍ਰਿੰਗ ਕਮੇਟੀ ਮੰਗ ਕਰਦੀ ਹੈ ਕਿ ਪੰਜਾਬ ਸਰਕਾਰ ਨੂੰ ਇਸ ਕੇਸ ਦੀ ਜਾਂਚ ਸੀਬੀਆਈ ਨੂੰ ਸੌਂਪੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਜਾਂਚ ਟੀਮ ਪ੍ਰਬੰਧਕੀ ਤੌਰ ’ਤੇ ਆਪਣੀ ਜਾਂਚ ਜਾਰੀ ਰੱਖੇਗੀ, ਜਦਕਿ ਸੀਬੀਆਈ ਇਸ ਸਾਰੇ ਮਾਮਲੇ ਦੇ ਹਰ ਪੱਖ ਨੂੰ ਵਾਚ ਕੇ ਨਿਰਪੱਖ ਫੈਸਲਾ ਦੇਵੇ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਤਿੰਨ ਦਿਨਾਂ ਵਿਚ ਜਾਂਚ ਸੀਬੀਆਈ ਨੂੰ ਨਹੀਂ ਦਿੰਦੀ ਤਾਂ ਅਗਲੇ ਦਿਨਾਂ ’ਚ ਪੰਜਾਬ ਦੇ ਰਾਜਪਾਲ ਨੂੰ ਮਿਲ ਕੇ ਇਸ ਸਬੰਧੀ ਮੰਗ ਕੀਤੀ ਜਾਵੇਗੀ। ਪਿਛਲੇ ਸਮੇਂ ਤੋਂ ਉਨ੍ਹਾਂ ਦੀ ਚੁੱਪ ਬਾਰੇ ਹੋ ਰਹੀ ਚਰਚਾ ਸਬੰਧੀ ਉਨ੍ਹਾਂ ਕਿਹਾ ਕਿ ਦਰਜ ਹੋਇਆ ਕੇਸ ਜਦੋਂ ਜਾਂਚ ਦਾ ਵਿਸ਼ਾ ਹੋਵੇ ਤਾਂ ਜਾਂਚ ਨਾਲ ਸਬੰਧਤ ਤੱਥਾਂ ਪਹਿਲਾਂ ਨੂੰ ਜਨਤਕ ਕਰਨਾ ਠੀਕ ਨਹੀਂ।

ਐਡਵੋਕੇਟ ਧਾਮੀ ਨੇ ਹੋਰ ਫੈਸਲਿਆਂ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਬੀਤੇ ਕੱਲ੍ਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ’ਚ ਸ਼੍ਰੋਮਣੀ ਕਮੇਟੀ ਵਫ਼ਦ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ ਕੀਤੀ ਸੀ, ਜਿਸ ਦੌਰਾਨ ਭਾਈ ਰਾਜੋਆਣਾ ਵੱਲੋਂ ਉਨ੍ਹਾਂ ਸਬੰਧੀ ਪਾਈ ਗਈ ਸ਼੍ਰੋਮਣੀ ਕਮੇਟੀ ਦੀ ਪਟੀਸ਼ਨ ਵਾਪਸ ਲੈਣ ਬਾਰੇ ਗੁਰਮਤਿ ਅਨੁਸਾਰ ਪ੍ਰਗਟ ਕੀਤੀ ਭਾਵਨਾ ਨੂੰ ਅੱਜ ਦੀ ਇਕੱਤਰਤਾ ਵਿਚ ਗੰਭੀਰਤਾ ਨਾਲ ਵਿਚਾਰਿਆ ਗਿਆ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਭਾਈ ਰਾਜੋਆਣਾ ਵੱਲੋਂ ਗੁਰਮਤਿ ਦੀ ਰੌਸ਼ਨੀ ਵਿਚ ਦਿੱਤੀਆਂ ਗਈਆਂ ਦਲੀਲਾਂ ਨਾਲ ਪੂਰੀ ਤਰ੍ਹਾਂ ਸਹਿਮਤ ਹੈ। ਪ੍ਰੰਤੂ ਇਹ ਅਪੀਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਪਾਈ ਗਈ ਸੀ, ਇਸ ਲਈ ਅੰਤ੍ਰਿੰਗ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਗੁਰਮਤਿ ਦੇ ਫਲਸਫੇ ਅਤੇ ਸਿੱਖ ਇਤਿਹਾਸ ਦੀ ਰੌਸ਼ਨੀ ਵਿਚ ਆਦੇਸ਼ ਭੇਜਣ ਦੀ ਅਪੀਲ ਕਰਦੀ ਹੈ। ਇਸ ਮੌਕੇ ਉਨ੍ਹਾਂ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਬਿਮਾਰ ਮਾਤਾ ਨੂੰ ਮਿਲਣ ਲਈ ਵੀ ਸਰਕਾਰ ਨੂੰ ਤੁਰੰਤ ਪੈਰੋਲ ਦੇਣ ਦੀ ਮੰਗ ਕੀਤੀ ਅਤੇ 2 ਅਕਤੂਬਰ ਨੂੰ ਕੌਮੀ ਇਨਸਾਫ਼ ਮੋਰਚੇ ਵੱਲੋਂ ਕੱਢੇ ਜਾ ਰਹੇ ਖ਼ਾਲਸਾ ਮਾਰਚ ਨੂੰ ਵੀ ਪੂਰਨ ਤੌਰ ’ਤੇ ਹਮਾਇਤ ਦਾ ਐਲਾਨ ਕੀਤਾ।

ਐਡਵੋਕੇਟ ਧਾਮੀ ਨੇ ਕੁਝ ਲੋਕਾਂ ਵੱਲੋਂ ਸ਼੍ਰੋਮਣੀ ਕਮੇਟੀ ਚੋਣਾਂ ਸਬੰਧੀ ਪੰਜਾਬ ਐਕਟ ਬਨਾਉਣ ਦੀ ਕੀਤੀ ਜਾ ਰਹੀ ਮੰਗ ’ਤੇ ਵੀ ਕਰੜਾ ਇਤਰਾਜ਼ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਡੀਆਂ ਕੁਰਬਾਨੀਆਂ ਤੋਂ ਬਾਅਦ ਹੋਂਦ ਵਿਚ ਆਈ ਇਕ ਸਦੀ ਪੁਰਾਣੀ ਸੰਸਥਾ ਹੈ ਅਤੇ ਦੁੱਖ ਦੀ ਗੱਲ ਹੈ ਕਿ ਅੱਜ ਸਿੱਖ ਵਿਰੋਧੀ ਸ਼ਕਤੀਆਂ ਦੇ ਏਜੰਡੇ ਤਹਿਤ ਕੁਝ ਲੋਕ ਇਸ ਦੀ ਸੰਵਿਧਾਨਕ ਹਸਤੀ ਅਤੇ ਵਿਸ਼ਾਲਤਾ ਨੂੰ ਛੁਟਿਆਉਣ ਲਈ ਤਾਣ ਲਗਾ ਰਹੇ ਹਨ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਪੰਜਾਬ ਐਕਟ ਦੀ ਵਕਾਲਤ ਕਰ ਰਹੇ ਹਨ, ਉਨ੍ਹਾਂ ਨੂੰ ਭਵਿੱਖ ਵਿਚ ਹੋਣ ਵਾਲੇ ਕੌਮੀ ਨੁਕਸਾਨ ਬਾਰੇ ਜ਼ਰੂਰ ਸਮਝਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿਚ ਦੇਰੀ ਦਾ ਮਾਮਲਾ ਸਰਕਾਰ ਨਾਲ ਸਬੰਧਤ ਹੈ ਅਤੇ ਸ਼੍ਰੋਮਣੀ ਕਮੇਟੀ ਵੀ ਇਹ ਚੋਣਾਂ ਸਮੇਂ ਸਿਰ ਕਰਵਾਉਣ ਲਈ ਕਈ ਵਾਰ ਮੰਗ ਕਰ ਚੁੱਕੀ ਹੈ ਅਤੇ ਹੁਣ ਵੀ ਕਰਦੀ ਹੈ।

## ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ’ਚ ਅੰਤ੍ਰਿੰਗ ਕਮੇਟੀ ਨੇ ਲਏ ਕਈ ਅਹਿਮ ਫੈਸਲੇ

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜਾਬ ਦੇ ਮੁੱਦਿਆਂ, ਸਮੱਸਿਆਵਾਂ ਅਤੇ ਚੁਣੌਤੀਆਂ ਦੇ ਟਾਕਰੇ ਅਤੇ ਪੰਥਕ ਚੇਤਨਾ ਲਈ ਮੀਰੀ ਪੀਰੀ ਖਾਲਸਾ ਮਾਰਚ ’ਚ ਭਰਵੀਂ ਸ਼ਮੂਲੀਅਤ ਅਤੇ ਸਹਿਯੋਗ ਲਈ ਸਿੱਖ ਸੰਸਥਾਵਾਂ, ਜਥੇਬੰਦੀਆਂ ਅਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਵੱਲੋਂ ਮੀਰੀ ਪੀਰੀ ਖਾਲਸਾ ਮਾਰਚ ’ਚ ਨਿਭਾਈਆਂ ਸੇਵਾਵਾਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਖ਼ਾਲਸਾ ਮਾਰਚ ਦੌਰਾਨ ਜਿਥੇ ਨੌਜੁਆਨਾਂ ਨਾਲ ਸਿੱਧਾ ਸੰਵਾਦ ਹੋਇਆ, ਉਥੇ ਪੰਜਾਬ ਨੂੰ ਦਰਪੇਸ਼ ਕਈ ਵੱਡੀਆਂ ਚੁਣੌਤੀਆਂ ਦੀ ਨਿਸ਼ਾਨਦੇਹੀ ਵੀ ਹੋਈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਪਿੰਡਾਂ ਦੀਆਂ ਸੱਥਾਂ ਵਿਚ ਲੋਕਾਂ ਨੂੰ ਮਿਲਦਿਆਂ ਮਾਰੂ ਨਸ਼ਿਆਂ ਨਾਲ ਪੰਜਾਬ ਦੀ ਜਵਾਨੀ ਦੀ ਤਬਾਹੀ ਦਾ ਸੱਚ ਸਾਹਮਣੇ ਆਇਆ। ਉਨ੍ਹਾਂ ਕਿਹਾ ਕਿ ਚਿੱਟੇ ਵਰਗੇ ਮਾਰੂ ਨਸ਼ੇ ਆਮ ਮਿਲ ਰਹੇ ਹਨ, ਜਿਸ ਨਾਲ ਪੰਜਾਬ ਦੀ ਜਵਾਨੀ ਤਬਾਹ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਖਾਲਸਾ ਮਾਰਚ ਦੌਰਾਨ ਬਹੁਤ ਸਾਰੇ ਨੌਜੁਆਨਾਂ ਨੇ ਸਾਬਤ ਸੂਰਤ ਹੋਣ ਅਤੇ ਨਸ਼ਿਆਂ ਦਾ ਤਿਆਗ ਕਰਨ ਦਾ ਪ੍ਰਣ ਕੀਤਾ, ਜੋ ਚੰਗੀ ਸ਼ੁਰੂਆਤ ਹੈ। ਇਕੱਤਰਤਾ ’ਚ ਸੈਕਸ਼ਨ 85, ਸੈਕਸ਼ਨ 87, ਟਰੱਸਟ, ਵਿਦਿਆ ਨਾਲ ਸਬੰਧਤ ਵੱਖ-ਵੱਖ ਵਿਭਾਗਾਂ ਦੇ ਕੰਮਾਂ ਨੂੰ ਪ੍ਰਵਾਨਗੀ ਵੀ ਦਿੱਤੀ ਗਈ।

ਇਕੱਤਰਤਾ ’ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਪ੍ਰੀਤਪਾਲ ਸਿੰਘ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਗੁਰਨਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਅਜ਼ਾਦ ਦੀਪ ਸਿੰਘ, ਮੈਨੇਜਰ ਸ. ਮੇਜਰ ਸਿੰਘ, ਐਕਸੀਅਨ ਸ. ਜਤਿੰਦਰਪਾਲ ਸਿੰਘ, ਇੰਚਾਰਜ ਸ. ਪਰਜਿੰਦਰ ਸਿੰਘ, ਸ. ਗੁਰਪ੍ਰੀਤ ਸਿੰਘ, ਸ. ਕਾਰਜ ਸਿੰਘ, ਸ. ਗੁਰਪਤਾਪ ਸਿੰਘ, ਸ. ਤਰਸੇਮ ਸਿੰਘ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਵੱਲੋਂ ਸੰਗਤਾਂ ਨੂੰ ਬੰਦੀ ਛੋੜ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ



ਨਵੀਂ ਦਿੱਲੀ, 30 ਸਤੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਪੰਜਾਬ, ਦਿੱਲੀ ਸਮੇਤ ਦੁਨੀਆ ਭਰ ਦੀਆਂ ਸੰਗਤਾਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ 2 ਅਤੇ 3 ਅਕਤੂਬਰ ਨੂੰ ਕੌਮੀ ਇਨਸਾਫ਼ ਮੋਰਚੇ ਵੱਲੋਂ ਕੱਢੇ ਜਾ ਰਹੇ ਬੰਦੀ ਛੋੜ ਮਾਰਚ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਮੀਡੀਆ ਨੂੰ ਜਾਰੀ ਕੀਤੇ ਬਿਆਨ ਵਿੱਚ ਉਨ੍ਹਾਂ ਦੱਸਿਆ ਕਿ ਦੋ ਰੋਜ਼ਾ ਮਾਰਚ 2 ਅਕਤੂਬਰ ਨੂੰ ਸਵੇਰੇ 9 ਵਜੇ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਮਸਤੂਆਣਾ ਸਾਹਿਬ, ਸੰਗਰੂਰ ਵਿਖੇ ਰਾਤ ਦਾ ਠਹਿਰਾਅ ਕਰੇਗਾ। 3 ਅਕਤੂਬਰ ਨੂੰ ਮਾਰਚ ਮਸਤੂਆਣਾ ਸਾਹਿਬ ਤੋਂ ਰਵਾਨਾ ਹੋ ਕੇ ਤਲਵੰਡੀ ਸਾਬੋ ਵਿਖੇ ਤਖ਼ਤ ਸ੍ਰੀ ਦਮਦਮਾ ਸਾਹਿਬ ਪਹੁੰਚੇਗਾ, ਜਿੱਥੇ ਬੰਦੀ ਸਿੰਘਾਂ ਦੀ ਰਿਹਾਈ ਲਈ ਸਮੂਹਿਕ ਅਰਦਾਸ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਸਮੇਤ ਵੱਖ-ਵੱਖ ਸਿੱਖ ਜਥੇਬੰਦੀਆਂ, ਸੰਪਰਦਾਵਾਂ ਅਤੇ ਸੰਸਥਾਵਾਂ ਦੇ ਨੁਮਾਇੰਦੇ ਮਾਰਚ ਵਿੱਚ ਸ਼ਮੂਲੀਅਤ ਕਰਨਗੇ। ਉਨ੍ਹਾਂ ਕਿਹਾ ਕਿ ਜਿਹੜੇ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਦੀ ਰਿਹਾਈ ਲਈ ਲਗਾਤਾਰ ਆਵਾਜ਼ ਉਠਾਉਣਾ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਚੰਡੀਗੜ੍ਹ ਵਿੱਚ ਕੌਮੀ ਇਨਸਾਫ਼ ਮੋਰਚੇ ਦੇ ਇਕੱਠ ਦੌਰਾਨ ਲਏ ਫੈਸਲੇ ਤਹਿਤ ਇਹ ਮਾਰਚ ਕੱਢਿਆ ਜਾ ਰਿਹਾ ਹੈ। ਉਨ੍ਹਾਂ ਸਮੁੱਚੀਆਂ ਸੰਗਤਾਂ ਨੂੰ ਮਾਰਚ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਫੋਟੋਗਰਾਫਰ ਤੋਂ ਸਿਆਸਤਦਾਨ ਬਣੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ



ਸੰਤ ਬਾਬਾ ਅਤਰ ਸਿੰਘ ਜੀ ਮਹਾਰਾਜ ਅਤੇ ਸੰਤ ਬਾਬਾ ਬਿਸ਼ਨ ਸਿੰਘ ਜੀ ਮਹਾਰਾਜ ਦੀ ਚਰਨ ਛੋਹ ਪਵਿੱਤਰ ਧਰਤੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਕਾਂਝਲਾ ਵਿੱਚ ਮਾਤਾ ਸੁਰਜੀਤ ਕੌਰ ਅਤੇ ਪਿਤਾ ਗੁਰਨਾਮ ਸਿੰਘ ਦੇ ਘਰ ਪੈਦਾ ਹੋਏ ਹਰਜਿੰਦਰ ਸਿੰਘ ਕਾਂਝਲਾ ਪਿੰਡ ਤੋਂ ਪੜਾਈ ਦੀ ਸੁਰੂਆਤ ਕਰਕੇ ਅਕਾਲ ਡਿਗਰੀ ਕਾਲਜ ਮਸਤੂਆਣਾ ’ਚ ਪੜ੍ਹਾਈ ਕਰਨ ਤੋਂ ਬਾਅਦ ਫੋਟੋਗਰਾਫਰ ਦੇ ਕੰਮ ਦੀ ਸ਼ੁਰੂਆਤ ਕੀਤੀ ਅਤੇ ਕਈ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਨਾਲ ਇਲਾਕੇ ਵਿੱਚ ਹਰ ਕਿਸੇ ਦੀਆਂ ਖੁਸੀਆਂ ਨੂੰ ਦੁਗਣਾ ਕਰਦੇ ਰਹੇ। 2006 ਤੋਂ ਲੈ ਕੇ ਹੁਣ ਤੱਕ ਮਾਨਸਾ, ਬਠਿੰਡਾ, ਬਰਨਾਲਾ, ਰੋਪੜ, ਫਤਿਹਗੜ ਸਾਹਿਬ, ਮੁਹਾਲੀ, ਸੰਗਰੂਰ, ਹੁਸ਼ਿਆਰਪੁਰ, ਨਵਾਂ ਸ਼ਹਿਰ, ਮਾਲੇਰਕੋਟਲਾ ਸਰਾਬ ਦੇ ਚੰਗਾ ਕਾਰੋਬਾਰ ਕੀਤਾ ਜਿਸ ਦੇ ਨਾਮ ਨਾਲ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਲੱਗ ਗਿਆ। 2014 ਤੋਂ ਲੈ ਕੇ ਆਮ ਆਦਮੀ ਪਾਰਟੀ ਦੀਆਂ ਮੂਹਰਲੀਆਂ ਸਫਾ ਵਿੱਚ ਮਿਹਨਤ ਕਰਕੇ ਹਰਜਿੰਦਰ ਸਿੰਘ ਕਾਂਝਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਾਜਸੀ ਸਖ਼ਸ਼ੀਅਤ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਵਲੰਟੀਅਰ ਵਜੋਂ ਸੇਵਾ ਨਿਭਾਈ। ਜਿਨ੍ਹਾਂ ਦੀ ਮਿਹਨਤ ਨੂੰ ਦੇਖਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਲਕਾ ਧੂਰੀ ਅੰਦਰ ਪੈਂਦੇ ਜਿਲ੍ਹਾ ਪ੍ਰੀਸ਼ਦ ਜ਼ੋਨ ਬਾਲੀਆਂ ਤੋਂ ਆਪ ਨੇ ਟਿਕਟ ਦੇ ਕੇ ਨਿਵਾਜਿਆ ਗਿਆ। ਸਮਾਜ ਦੇ ਖੇਤਰ ਵਿੱਚ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾਉਂਦਿਆਂ ਨਿੱਘੇ ਸੁਭਾਅ ਕਰਕੇ ਹਰ ਪਿੰਡ ਵਿੱਚ ਲੋਕਾਂ ਨੇ ਐਨਾ ਪਿਆਰ ਦਿੱਤਾ ਕਿ ਉਨ੍ਹਾਂ ਨੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਮਾਰਕੀਟ ਕਮੇਟੀ ਸ਼ੇਰਪੁਰ ਦੇ ਰਹੇ ਚੇਅਰਮੈਨ ਨੂੰ ਸਭ ਤੋਂ ਵੱਧ ਵੋਟਾਂ ਨਾਲ ਹਰਾ ਕੇ ਅਤੇ ਸੰਗਰੂਰ ਬਰਨਾਲਾ ਜਿਲਿਆਂ ਚੋ ਸਭ ਤੋਂ ਵੱਧ ਵੋਟਾਂ ਨਾਲ ਜਿੱਤ ਕੇ ਜਿਲ੍ਹਾ ਪ੍ਰੀਸ਼ਦ ਮੈਂਬਰ ਬਣ ਕੇ ਇਤਿਹਾਸ ਰਚਿਆ। ਹਰਜਿੰਦਰ ਸਿੰਘ ਕਾਂਝਲਾ ਅੱਜ ਕੱਲ ਉਹ ਸ਼ਖਸੀਅਤ ਬਣ ਗਏ ਹਨ ਕਿ ਧੂਰੀ ਲੋਕਾਂ ਦੇ ਹਰ ਦੁੱਖ ਸੁੱਖ ਵਿਚ ਖੜਨ ਪਹਿਲਾਂ ਵਿਅਕਤੀ ਬਣ ਚੁੱਕਾ ਹੈ। ਜਿਸ ਦੀ ਹਰ ਪਿੰਡ ਵਿੱਚ ਚਰਚਾ ਹੋ ਰਹੀ ਹੈ ਕਿ ਲੀਡਰ ਹੋਵੇ ਹਰਜਿੰਦਰ ਸਿੰਘ ਕਾਂਝਲਾ ਵਰਗਾ ਹਰ ਇਕ ਦੇ ਦੁੱਖ ਸੁੱਖ ਵਿੱਚ ਸਭ ਤੋਂ ਪਹਿਲਾਂ ਖੜਾ ਹੁੰਦਾ ਹੁੰਦਾ ਹੈ। ਉਹ ਆਪਣੇ ਪਿੰਡ ਤੋ ਇਲਾਵਾ ਵੱਖ ਵੱਖ ਪਿੰਡਾਂ ਵਿਚ ਚੱਲ ਰਹੇ ਧਾਰਮਿਕ, ਸਮਾਜਿਕ ਖੇਤਰ ਯੋਗਦਾਨ ਪਾ ਕੇ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਆਪਣਾ ਨਾਮ ਸਾਮਿਲ ਕਰ ਲਿਆ ਹੈ। **-ਪੱਤਰਕਾਰ ਰਣਜੀਤ ਸਿੰਘ ਪੇਧਨੀ**

ਆਵਾਜ਼ਿ ਕੌਮ AWAZE QAUM International Newspaper & WEB TV

# ਨਵੇਂ ਗੁਰਦੁਆਰਾ ਐਕਟ ਦੀ ਮੰਗ ’ਤੇ ਪਰਮਜੀਤ ਸਿੰਘ ਸਰਨਾ ਦਾ ਸਖ਼ਤ ਵਿਰੋਧ



ਨਵੀਂ ਦਿੱਲੀ, 30 ਸਤੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਇੰਟਰਨੈਸ਼ਨਲ ਸਿੱਖ ਕਨਫੈਡਰੇਸ਼ਨ ਦੇ ਚੰਡੀਗੜ੍ਹ ਕਨਕਲੇਵ ਦੌਰਾਨ ਉੱਠੀ ਨਵੇਂ ਸਿੱਖ ਗੁਰਦੁਆਰਾ ਐਕਟ ਦੀ ਮੰਗ ਦਾ ਤਿੱਖਾ ਵਿਰੋਧ ਕਰਦਿਆਂ ਕਿਹਾ ਕਿ ਮੌਜੂਦਾ ਕਾਨੂੰਨੀ ਢਾਂਚੇ ਨੂੰ ਬਦਲਣ ਦੀ ਕੋਸ਼ਿਸ਼ ਸਿੱਖ ਸੰਸਥਾਵਾਂ ਦੇ ਪ੍ਰਬੰਧ ਵਿੱਚ ਕੇਂਦਰ ਜਾਂ ਸੂਬਾ ਸਰਕਾਰਾਂ ਦੀ ਦਖ਼ਲਅੰਦਾਜ਼ੀ ਦਾ ਰਾਹ ਖੋਲ੍ਹ ਸਕਦੀ ਹੈ। ਸਰਨਾ ਨੇ ਸਵਾਲ ਕੀਤਾ ਕਿ ਜਿਹੜਾ ਕਨਕਲੇਵ ਮੁੱਖ ਤੌਰ ’ਤੇ ਐਸਜੀਪੀਸੀ ਚੋਣਾਂ ਦੇ ਸੰਚਾਲਨ ਅਤੇ ਪ੍ਰਬੰਧ ਬਾਰੇ ਵਿਚਾਰ ਕਰਨ ਲਈ ਬੁਲਾਇਆ ਗਿਆ ਸੀ, ਉਹ ਅਚਾਨਕ ਸਿੱਖ ਗੁਰਦੁਆਰਾ ਐਕਟ ਨੂੰ ਹੀ ਬਦਲਣ ਦੀ ਮੰਗ ਤੱਕ ਕਿਵੇਂ ਪਹੁੰਚ ਗਿਆ? ਉਨ੍ਹਾਂ ਪੁੱਛਿਆ ਕਿ ਇਹ ਮੰਗ ਕਿਸ ਦੇ ਕਹਿਣ ’ਤੇ ਅਤੇ ਕਿਸ ਮਕਸਦ ਨਾਲ ਮੀਟਿੰਗ ਵਿੱਚ ਸ਼ਾਮਲ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਥ ਨੂੰ ਇਹ ਸਪੱਸ਼ਟ ਜਾਣਨ ਦਾ ਹੱਕ ਹੈ ਕਿ ਇਹ ਕਿਸੇ ਸੁਤੰਤਰ ਪਹਿਲ ਦਾ ਹਿੱਸਾ ਹੈ ਜਾਂ ਇਸ ਰਾਹੀਂ ਕਿਸੇ ਹੋਰ ਦਾ ਏਜੰਡਾ ਅੱਗੇ ਵਧਾਇਆ ਜਾ ਰਿਹਾ ਹੈ। ਸਰਨਾ ਨੇ ਸਿੱਖ ਧਾਰਮਿਕ ਮਾਮਲਿਆਂ ਵਿੱਚ ਸਰਕਾਰੀ ਦਖ਼ਲ ਦੇ ਪਿਛਲੇ ਤਜਰਬਿਆਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਤਿਹਾਸਕ ਗੁਰਦੁਆਰਿਆਂ ਉੱਤੇ ਪੰਥ ਨੇ ਲੰਬੇ ਸੰਘਰਸ਼ ਤੋਂ ਬਾਅਦ ਆਪਣਾ ਪ੍ਰਬੰਧਕੀ ਹੱਕ ਕਾਇਮ ਕੀਤਾ ਹੈ ਅਤੇ ਇਸ ਨੂੰ ਕਿਸੇ ਵੀ ਤਰੀਕੇ ਨਾਲ ਕਮਜ਼ੋਰ ਨਹੀਂ ਕੀਤਾ ਜਾਣਾ ਚਾਹੀਦਾ। ਸਰਨਾ ਮੁਤਾਬਕ ਸਿੱਖ ਗੁਰਦੁਆਰਾ ਐਕਟ, 1925 ਨਿਰਧਾਰਤ ਇਤਿਹਾਸਕ ਸਿੱਖ ਗੁਰਦੁਆਰਿਆਂ ਦੇ ਪ੍ਰਬੰਧ ਲਈ ਬਣਾਇਆ ਗਿਆ ਕਾਨੂੰਨੀ ਢਾਂਚਾ ਹੈ। ਉਨ੍ਹਾਂ ਕਿਹਾ ਕਿ ਇਸ ਵਿੱਚ ਵੱਡੀ ਤਬਦੀਲੀ ਜਾਂ ਇਸ ਦੀ ਥਾਂ ਨਵਾਂ ਕਾਨੂੰਨ ਲਿਆਉਣ ਨਾਲ ਸਰਕਾਰੀ ਅਧਿਕਾਰਾਂ ਅਤੇ ਸਿੱਖ ਸੰਸਥਾਵਾਂ ਦੇ ਪ੍ਰਬੰਧਕੀ ਹੱਕਾਂ ਵਿਚਕਾਰ ਸੰਤੁਲਨ ਦਾ ਗੰਭੀਰ ਸਵਾਲ ਖੜ੍ਹਾ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਸਿੱਖ ਸੰਸਥਾਵਾਂ ਦੇ ਕੰਮਕਾਜ ਨਾਲ ਇਤਰਾਜ਼ ਜਾਂ ਅਸੰਤੁਸ਼ਟੀ ਹੈ ਤਾਂ ਸੁਧਾਰ ਪੰਥ ਦੇ ਅੰਦਰ ਰਹਿ ਕੇ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਗੁਰਦੁਆਰਾ ਪ੍ਰਬੰਧ ਵਿੱਚ ਕਮੀਆਂ ਨੂੰ ਦੂਰ ਕਰਨ ਦੇ ਨਾਮ ’ਤੇ ਸਰਕਾਰ ਨੂੰ ਵਧੇਰੇ ਅਧਿਕਾਰ ਦੇਣਾ ਇਸ ਮਸਲੇ ਦਾ ਹੱਲ ਨਹੀਂ ਹੋ ਸਕਦਾ। ਸਰਨਾ ਨੇ ਕਿਹਾ, “ਪੰਥ ਦੇ ਇਤਿਹਾਸਕ ਗੁਰਦੁਆਰਿਆਂ ਦਾ ਪ੍ਰਬੰਧ ਪੰਥ ਪ੍ਰਤੀ ਜਵਾਬਦੇਹ ਰਹਿਣਾ ਚਾਹੀਦਾ ਹੈ, ਸਰਕਾਰ ਪ੍ਰਤੀ ਨਹੀਂ।” ਉਨ੍ਹਾਂ ਚੇਤਾਵਨੀ ਦਿੱਤੀ ਕਿ ਸਿੱਖ ਸੰਸਥਾਵਾਂ ਨੂੰ ਸਰਕਾਰੀ ਵਿਭਾਗਾਂ ਵਿੱਚ ਤਬਦੀਲ ਕਰਨ ਵਾਲਾ ਕੋਈ ਵੀ ਰਾਹ ਪੰਥਕ ਖੁਦਮੁਖਤਿਆਰੀ ਦੇ ਸਵਾਲ ਨੂੰ ਪ੍ਰਭਾਵਿਤ ਕਰ ਸਕਦਾ ਹੈ।

### ਸੰਤ ਬਾਬਾ ਜਗਜੀਤ ਸਿੰਘ ਕਲੇਰਾਂ ਵਾਲਿਆਂ ਦੀ ਅਗਵਾਈ ਹੇਠ

# ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸੰਤ ਬਾਬਾ ਜਗਜੀਤ ਸਿੰਘ ਕਲੇਰਾਂ ਵਾਲਿਆਂ ਦੀ ਅਗਵਾਈ ਦੇ ਹੇਠ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਕਲੇਰਾਂ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਤੇ ਇਲਾਕੇ ਦੇ ਸਹਿਯੋਗ ਦੇ ਨਾਲ ਬੜੀ ਹੀ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਾਤਾ ਹਰਪਾਲ ਕੌਰ ਵਿਸ਼ੇਸ਼ ਤੌਰ ਤੇ ਸਮਾਗਮ ਵਿੱਚ ਹਾਜ਼ਰੀ ਭਰਨ ਦੇ ਲਈ ਪਹੁੰਚੇ।ਇਸ ਸਮਾਗਮ ਵਿੱਚ ਸੰਤ ਬਾਬਾ ਹਰਬੰਸ ਸਿੰਘ ਜੀ ਜੈਨਪੁਰ ਵਾਲੇ ਸੰਤ ਬਾਬਾ ਬਲਜੀਤ ਸਿੰਘ ਜੀ ਫੱਕਰ ਸੰਤ ਬਾਬਾ ਨਿਰਮਲ ਸਿੰਘ ਚੀਮਿਆਂ ਵਾਲੇ ਸੰਤ ਬਾਬਾ ਰਾਜਵਿੰਦਰ ਸਿੰਘ ਜੀ ਟਿੱਬੇ ਵਾਲਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਦੀਆਂ ਵਿਚਾਰਾਂ ਸੁਣਾ ਕੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨਾ ਕੀਤਾ ਇਸ ਮੌਕੇ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜ਼ਿਲ੍ਹਾ ਪਰਿਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ,ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਹਰਬੰਸ ਸਿੰਘ ਸਲੇਮਪੁਰ, ਨਰਿੰਦਰ ਸਿੰਘ ਕਾਲਾਬੂਲਾ ਹਲਕਾ ਇੰਚਾਰਜ ਧੂਰੀ, ਸ਼੍ਰੋਮਣੀ ਅਕਾਲੀ ਦਲ ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਬਾਦਸ਼ਾਹਪੁਰ , ਮਨਜੀਤ ਸਿੰਘ ਧਾਮੀ ਸ਼ੇਰਪੁਰ, ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ, ਅਮਰਜੋਤ ਕੌਰ ਪ੍ਰਧਾਨ ਮਿਉਂਸਪਲ ਕਮੇਟੀ ਧੂਰੀ, ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਬਾਬਾ ਬਚਿੱਤਰ ਸਿੰਘ ਘਨੌਰੀ, ਸਰਪੰਚ ਜੋਰਾ ਸਿੰਘ, ਸਰਪੰਚ ਮਨਪ੍ਰੀਤ ਸ਼ਰਮਾ, ਸਰਪੰਚ ਅਮਰੀਕ ਸਿੰਘ, ਸਰਪੰਚ ਜਗਤਾਰ ਸਿੰਘ ਬਮਾਲ, ਜਗਜੀਤ ਸਿੰਘ ਈਸਾਪੁਰ, ਕੁਲਵੰਤ ਸਿੰਘ ਟਿੱਬਾ, ਪੱਤਰਕਾਰ ਸੱਤਪਾਲ ਸਿੰਘ ਕਾਲਾਬੂਲਾ, ਪੱਤਰਕਾਰ ਅਨਿਸ ਗਰਗ, ਪੱਤਰਕਾਰ ਦਰਸ਼ਨ ਸਿੰਘ ਖੇੜੀ ਹਾਜਰ ਸਨ।

### ਸ੍ਰੀ ਮਾਨ ਸੰਤ ਬਾਬਾ ਰਾਮ ਮੂਰਤੀ ਜੀ ਮਹਾਰਾਜ ਸਿੱਧਸਰ ਸਾਹਿਬ ਪੇਧਨੀ ਕਲਾਂ ਵਾਲਿਆਂ ਦੀ

# ਨਿੱਘੀ ਮਿੱਠੀ ਯਾਦ ਨੂੰ ਸਮਰਪਿਤ

**ਬ੍ਰਹਮ** ਗਿਆਨੀ ਸੱਚਖੰਡ ਵਾਸੀ ਤੱਤਕੇ ਬੇਤੇ ਸ੍ਰੀਮਾਨ 108 ਸੰਤ ਬਾਬਾ ਰਾਮ ਮੂਰਤੀ ਜੀ ਦਾ ਜਨਮ ਇੱਕ ਤ੍ਰਿਕਾਲਦਰਸ਼ੀ ਸਾਧੂ ਵਲੋਂ ਕੀਤੀ ਭਵਿੱਖਬਾਣੀ ਅਨੁਸਾਰ ਪਿੰਡ ਮੀਮਸਾ ਵਿਖੇ ਪਿਤਾ ਸ. ਸਾਧੂ ਸਿੰਘ ਅਤੇ ਮਾਤਾ ਈਸਰ ਕੌਰ ਦੀ ਪਵਿੱਤਰ ਕੁੱਖੋਂ ਹੋਇਆ। ਬਾਬਾ ਜੀ ਦੀ ਮਾਤਾ ਨੇ ਬਚਪਨ ਵਿੱਚ ਹੀ ਸੇਵਾ, ਸਿਮਰਨ ਅਤੇ ਸਦਾਚਾਰ ਦੀ ਗੁੜ੍ਹਤੀ ਨਾਲ ਆਪ ਜੀ ਨੂੰ ਨਾਮ ਸਿਮਰਨ ਪ੍ਰੇਰਣਾ ਦਿੱਤੀ, ਜੋ ਸੰਤ ਮਹਾਰਾਜ ਜੀ ਨੇ ਆਪਣੇ ਅਖੀਰਲੇ ਸੁਆਸਾਂ ਸੰਗ ਨਿਭਾਈ।ਬਾਬਾ ਰਾਮ ਮੂਰਤੀ ਜੀ ਨੇ ਆਪਣੀ ਮੁੱਢਲੀ ਪੜ੍ਹਾਈ ਸ਼ਹਿਰ ਧੂਰੀ ਦੇ ਐਸ.ਡੀ.ਸਕੂਲ ਤੋਂ ਪ੍ਰਾਪਤ ਕੀਤੀ।ਪਹਿਲਾਂ ਇਸ ਸਕੂਲ ਨੂੰ ਪਾਠਸ਼ਾਲਾ ਕਿਹਾ ਜਾਂਦਾ ਸੀ। ਬਾਅਦ ਵਿੱਚ ਬਾਬਾ ਜੀ ਉੱਚ ਵਿੱਦਿਆ ਦੀ ਪ੍ਰਾਪਤੀ ਲਈ ਉੱਚਾ ਪਿੰਡ ਸੰਘੋਲ ਚਲੇ ਗਏ। ਉੱਚਾ ਪਿੰਡ ਸੰਘੋਲ ਵਿਖੇ ਬੰਦਗੀ ਵਿੱਚ ਲੀਨ ਬਾਬਾ ਜੀ ਦੀ ਕਈ-ਕਈ ਦਿਨ ਸਮਾਧੀ ਲੱਗੀ ਰਹਿੰਦੀ । ਸਿੱਧਾਂ ਨੇ ਖ਼ੁਸ਼ ਹੋ ਕੇ ਬਚਨ ਕੀਤੇ, ਆਪ ਆਪਣੀ ਰਹਿੰਦੀ ਪੜ੍ਹਾਈ ਉੱਚਾ ਪਿੰਡ ਸੰਘੋਲ ਜਾ ਕੇ ਪੂਰੀ ਕਰੋ, ਕਿਸੇ ਤੋਂ ਮੰਗਣਾ ਕੁਝ ਨਹੀਂ ਸਭ ਆਪਣੇ ਆਪ ਹੀ ਹੋ ਜਾਵੇਗਾ। ਸਿੱਧਾਂ ਦਾ ਬਚਨ ਮੰਨ ਕੇ ਆਪ ਉੱਚਾ ਪਿੰਡ ਸੰਘੋਲ ਚਲੇ ਗਏ। ਇੱਥੇ ਪਹੁੰਚ ਕੇ ਸ੍ਰੀਮਾਨ 1008 ਸੰਤ ਸੁਆਮੀ ਸੁਰਤ ਰਾਮ ਜੀ ਮਹਾਰਾਜ ਦੇ ਦਰਸ਼ਨ ਕਰਦਿਆਂ ਹੀ ਮਨ ਪ੍ਰਸੰਨ ਹੋ ਗਿਆ। ਆਪ ਨੇ ਇੱਥੇ ਰਹਿਣ ਦਾ ਪੱਕਾ ਮਨ ਬਣਾ ਲਿਆ, ਭਗਤੀ ਰਸ ਦਾ ਆਨੰਦ ਮਾਣਦਿਆਂ ਬਾਬਾ ਜੀ ਇਸ ਜਗ੍ਹਾ ਤੇ ਪਰਮਾਤਮਾਂ ਵਿੱਚ ਅਭੇਦ ਹੋ ਗਏ। ਭਗਤੀ ਰਸ ਵਿੱਚ ਮਸਤ ਬਾਬਾ ਜੀ ਬੋਗੀ ਦਾ ਚੋਲਾ ਪਾ ਕੇ ਭਗਤੀ ਵਿੱਚ ਲੀਨ ਆਪਣਾ ਆਪ ਹੀ ਭੁੱਲ ਜਾਂਦੇ ਸਨ। ਰੂਹਾਨੀ ਦਿਖ ਅਤੇ ਆਲੌਕਿਕ ਸ਼ਕਤੀਆਂ ਦੇ ਮਾਲਕ ਸੁਆਮੀ ਸੁਰਤ ਰਾਮ ਜੀ ਨੇ ਬਾਬਾ ਜੀ ਦੇ ਤਪ ਤੋਂ ਖ਼ੁਸ਼ ਹੋ ਕੇ ਇਹ ਵਰ ਦਿੱਤਾ "ਅੱਜ ਤੋਂ ਬਾਅਦ ਤੈਨੂੰ ਰਾਮ ਸਿੰਘ ਤੋਂ ਰਾਮ ਦੀ ਮੂਰਤੀ ਬਣਾ ਦਿੱਤਾ ਹੈ, ਤੈਨੂੰ ਉਹ ਪਾਰਸ ਬਣਾ ਦਿਤੈ, ਜਿਸ ਦੀ ਆਤਮਿਕ ਛੋਹ ਨਾਲ ਸੰਗਤਾਂ ਦਾ ਪਾਰ ਉਤਾਰਾ ਹੋਇਆ ਕਰੇਗਾ, ਤੇਰਾ ਨਾਮ ਚਹੁੰ ਕੂੰਟਾਂ ਵਿੱਚ ਫੈਲੇਗਾ। ਸਾਡਾ ਬਚਨ ਮੰਨ ਕੇ ਹੁਣ ਤੁਸੀਂ ਪੇਧਨੀ ਕਲਾਂ ਵਿਖੇ ਜਾ ਕੇ ਸੰਗਤਾਂ ਨੂੰ ਨਾਮ-ਬਾਣੀ ਨਾਲ ਜੋੜੋ।ਆਪ ਜੀ ਦੇ ਮਾਤਾ-ਪਿਤਾ ਇੱਕ ਸੰਤ ਸੇਵੀ ਇਨਸਾਨ ਸਨ। ਇਨ੍ਹਾਂ ਨੇ ਚੰਗੇ ਗੁਣਾਂ ਨੂੰ ਅਪਣੇ ਰੋਮ-ਰੋਮ ਵਿੱਚ ਵਸਾਇਆ ਹੋਇਆ ਸੀ। ਇਸੇ ਤਹਿਤ ਉਨ੍ਹਾਂ ਨੇ ਸੰਤ ਬਾਬਾ ਹਰਨਾਮ ਦਾਸ ਜੀ ਪੇਧਨੀ ਅਤੇ ਸੰਤ ਮਹਾਰਾਜ ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਤੋਂ ਅਨੇਕਾਂ ਬਖਸ਼ਿਸ਼ਾਂ ਪ੍ਰਾਪਤ ਕੀਤੀਆਂ। ਬਾਬਾ ਜੀ ਵਿਆਹ ਪਿੰਡ ਬੜੀ ਦੇ ਸ੍. ਲਾਲ ਸਿੰਘ ਦੀ ਪੁੱਤਰੀ ਬੀਬੀ ਰਾਜਿੰਦਰਪਾਲ ਕੌਰ ਨਾਲ ਹੋਇਆ, ਜਿਨ੍ਹਾਂ ਦੀ ਕੁੱਖੋਂ 6 ਪੁੱਤਰੀਆਂ ਅਤੇ ਇੱਕ ਚੰਨ ਵਰਗੇ ਪੁੱਤਰ ਨੇ ਜਨਮ ਲਿਆ। ਨਗਰ ਪੇਧਨੀ ਕਲਾਂ ਵਿਖੇ ਸਥਿਤ ਦੀਵਾਨੇ ਬਾਬਾ ਸਿੱਧਸਰ ਸਾਹਿਬ ਦੀਆਂ ਸਮਾਧਾਂ ਦਾ ਪਤਾ ਲਗਦਿਆਂ ਹੀ ਆਪ ਜੀ ਨੇ ਪੂਰੀ ਸ਼ਰਧਾ ਅਤੇ ਤਨਦੇਹੀ ਨਾਲ ਸਿੱਧਾਂ ਦੇ ਸਥਾਨ ਤੇ ਝਾੜੂ ਅਤੇ ਧੂਪਬੱਤੀ ਦਾ ਕਾਰਜ ਆਰੰਭ ਕੀਤਾ ਜੋ ਅੱਜ ਤੱਕ ਉਨ੍ਹਾਂ ਦੇ ਪਰਿਵਾਰ ਵਲੋਂ ਜਾਰੀ ਰੱਖਿਆ ਹੋਇਆ ਹੈ।ਰੂਹਾਨੀ ਦਿਖ ਅਤੇ ਆਲੌਕਿਕ ਸ਼ਕਤੀਆਂ ਦੇ ਮਾਲਕ ਸੁਆਮੀ ਸੁਰਤ ਰਾਮ ਜੀ ਨੇ ਆਪ ਦੇ ਤਪ ਤੋਂ ਖ਼ੁਸ਼ ਹੋ ਕੇ ਇਹ ਵਰ ਦਿੱਤਾ





" ਅੱਜ ਤੋਂ ਤੈਨੂੰ ਰਾਮ ਸਿੰਘ ਤੋਂ ਰਾਮ ਦੀ ਮੂਰਤੀ ਬਣਾ ਦਿੱਤਾ ਹੈ, ਤੈਨੂੰ ਉਹ ਪਾਰਸ ਬਣਾ ਦਿਤੈ, ਜਿਸ ਦੀ ਆਤਮਿਕ ਛੋਹ ਨਾਲ ਸੰਗਤਾਂ ਦਾ ਪਾਰ ਉਤਾਰਾ ਹੋਇਆ ਕਰੇਗਾ।ਤੇਰਾ ਨਾਮ ਚਹੁੰ ਕੂੰਟਾਂ ਵਿੱਚ ਫੈਲੇਗਾ। ਸਾਡਾ ਬਚਨ ਮੰਨ ਕੇ ਹੁਣ ਤੁਸੀਂ ਪੇਧਨੀ ਕਲਾਂ ਵਿਖੇ ਜਾ ਕੇ ਸੰਗਤਾਂ ਨੂੰ ਨਾਮ-ਬਾਣੀ ਨਾਲ ਜੋੜੋ।

" ਪ੍ਰਭ ਕੀ ਆਗਿਆ ਆਤਮੁ ਹਿਤਾਵੈ "

ਅਨੁਸਾਰ ਬਾਬਾ ਰਾਮ ਮੂਰਤੀ ਜੀ ਸੁਆਮੀ ਸੁਰਤ ਰਾਮ ਜੀ ਤੋਂ ਆਗਿਆ ਲੈ ਕੇ ਆਪਣੇ ਨਾਨਕੇ ਪਿੰਡ ਪੇਧਨੀ ਕਲਾਂ ਵਿਖੇ ਆ ਗਏ। ਇਥੇ ਰਹਿੰਦਿਆਂ ਆਪ ਨੇ ਉਹ ਕੌਤਕ ਦਿਖਾਏ, ਜਿਨ੍ਹਾਂ ਨੂੰ ਸੁਣ ਕੇ ਦੰਗ ਰਹਿ ਜਾਈਦਾ ਹੈ। ਬਾਬਾ ਜੀ ਪ੍ਰਸ਼ਾਦ ਦੇ ਕੇ ਹੀ ਨਾਮ ਸ਼ਬਦ ਨਾਲ ਜੋੜਕੇ ਲਾ-ਇਲਾਜ਼ ਬੀਮਾਰਾਂ ਨੂੰ ਨਾਮ-ਬਾਣੀ ਦੀ ਬਰਕਤ ਨਾਲ ਠੀਕ ਕਰ ਦਿੰਦੇ ਸਨ। ਪਿੰਡ ਪੇਧਨੀ ਕਲਾਂ ਵਿਖੇ ਰਹਿੰਦਿਆਂ ਬਾਬਾ ਜੀ ਨੇ ਇਨਸਾਨੀਅਤ ਦਾ ਧਰਮ ਅਪਣਾਉਂਦਿਆਂ ਅੱਜ ਦੇ ਪਦਾਰਥਵਾਦੀ ਯੁੱਗ ਵਿੱਚ ਅਨੇਕਾਂ ਧਰਮ ਕਾਰਜ ਕੀਤੇ। ਪੁਲਿਸ ਲਾਈਨ ਸੰਗਰੂਰ ਵਿਖੇ ਗੁਰੂ ਘਰ, ਛੋਟੇ ਫਰੀਦਪੁਰ ਗੁਰੂ ਘਰ, ਧਾਂਦਰਾ, ਗੁਰਦੁਆਰਾ ਨਾਨਕਸਰ ਧੂਰੀ, ਪੜਾਅ ਸਾਹਿਬ ਬਡਰੁੱਖਾਂ ,ਕਰਤਾਰਪੁਰਾ ਬਸਤੀ ਗੁਰੂ ਘਰ, ਪੰਚਵਟੀ ਆਸ਼ਰਮ ਧੂਰੀ, ਰਿਸ਼ੀਕੇਸ਼ ਅਤੇ ਕਪਾਲਮੋਚਨ ਵਿਖੇ ਸੂਰਜਕੁੰਡ ਦੇ ਸਰੋਵਰ ਨੂੰ ਪੱਕਾ ਕਰਵਾਉਣ ਦੀ ਸੇਵਾ ਵੀ ਨਿਭਾਈ ਗਈ।

ਪ੍ਰਭਾਵਸ਼ਾਲੀ ਏਨੇ ਕੇ ਆਪਣੇ ਮਿੱਠ ਬੋਲੜੇ ਸੁਭਾਅ ਸਦਕਾ ਹਰ ਇੱਕ ਨੂੰ ਆਪਣਾ ਬਣਾ ਲੈਂਦੇ। ਆਪ ਜੀ ਦੀ ਪ੍ਰੇਰਨਾ ਸਦਕਾ ਲੱਖਾਂ ਬੇ-ਚਿਰਾਗ ਘਰਾਂ ਵਿੱਚ ਰੋਸ਼ਨੀ ਪਰਤ ਆਈ, ਅਨੇਕਾਂ ਨਸ਼ਿਆਂ ਦੇ ਭੰਨਿਆਂ ਨੂੰ ਨਵੀਂ ਜਿੰਦਗੀ ਮਿਲੀ । ਸਭ ਤੋਂ ਵੱਡੀ ਸੇਵਾ ਉਨ੍ਹਾਂ ਨੇ ਵਿੱਦਿਆ ਦੇ ਖੇਤਰ ਵਿੱਚ ਦੇਸ਼ ਭਗਤ ਕਾਲਜ ਬਰੜਵਾਲ, ਗੁਰੂ ਤੇਗ. ਬਹਾਦਰ ਪਬਲਿਕ ਸਕੂਲ ਬਰੜਵਾਲ ਦੀ ਉਸਾਰੀ ਕਰ ਕੇ ਨਿਭਾਈ। ਉਨ੍ਹਾਂ ਹੋਰ ਵੀ ਬਹੁਤ ਸਾਰੇ ਸਕੂਲਾਂ ਕਾਲਜਾਂ ਦੇ ਨੀਂਹ ਪੱਥਰ ਰੱਖੇ ਅਤੇ ਸ਼ੁਰੂ ਕਰਵਾਏ। ਅੰਤ ਵਿੱਚ

**" ਪਵਨੈ ਮਹਿ ਪਵਨੁ ਸਮਾਇਆ॥**

ਜੋਤੀ ਮਹਿ ਜੋਤਿ ਰਲਿ ਜਾਇਆ " ਮਹਾ ਵਾਕਾਂ ਅਨੁਸਾਰ ਬਾਬਾ ਰਾਮ ਮੂਰਤੀ ਜੀ ਲਗਭਗ 61 ਸਾਲ ਦੀ ਉਮਰ ਭੋਗ ਕੇ ਖੁਸ਼ੀਆਂ ਵੰਡਦੇ, ਰੱਬ ਦੇ ਦਰ ਘਰ ਦੀ ਸੇਵਾ ਕਰਦੇ ਅੰਮ੍ਰਿਤ ਵੇਲੇ ਨਿਸ਼ਚਿੰਤ ਹੋ ਸਮਾਧ ਅਵਸਥਾ ਵਿੱਚ 2 ਅਕਤੂਬਰ, 1995 ਈ. ਦਿਨ ਸੋਮਵਾਰ ਦਸਮੀ ਦੁਸਹਿਰੇ ਵਾਲੇ ਦਿਨ - ਇਹ ਦਰਵੇਸ਼ ਆਤਮਾ ਆਪਣੇ ਪ੍ਰੀਤਮ ਦੇ ਦੇਸ਼ ਚਲੀ ਗਈ।ਸੰਤ ਬਾਬਾ ਰਾਮ ਮੂਰਤੀ ਜੀ ਦੀ ਬਰਸੀ ਉਨ੍ਹਾਂ ਦੇ ਸਪੁੱਤਰ ਸੰਤ ਬਾਬਾ ਗੁਰਮੀਤ ਸਿੰਘ ਸਿੱਧਸਰ ਪੇਧਨੀ ਵਾਲਿਆਂ ਦੀ ਅਗਵਾਈ ਦੇ ਹੇਠ ਹਰ ਸਾਲ 2 ਅਕਤੂਬਰ ਨੂੰ ਦੇਸ਼ ਵਿਦੇਸ਼ ਦੀਆਂ ਸੰਗਤਾਂ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਬੜੀ ਸ਼ਰਧਾ ਭਾਵਨਾ ਦੇ ਨਾਲ ਮਨਾਈ ਜਾਂਦੀ ਹੈ।

# ਨਸ਼ਿਆਂ ਦੇ ਹਨੇਰੇ 'ਚ ਗੁੰਮ ਹੋ ਰਹੀ ਨੌਜਵਾਨੀ, ਟੁੱਟ ਰਹੇ ਪਰਿਵਾਰ—ਗੁਰਬਾਣੀ ਨਾਲ ਜੁੜਨਾ ਹੀ ਬਚਾਅ ਦਾ ਰਾਹ: ਗਿਆਨੀ ਅਮਨਦੀਪ ਸਿੰਘ

**ਨਵੀਂ ਦਿੱਲੀ 30 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਅੱਜ ਨਸ਼ਾ ਸਿਰਫ਼ ਇੱਕ ਵਿਅਕਤੀ ਨੂੰ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਅੰਦਰੋਂ ਖੋਖਲਾ ਕਰ ਰਿਹਾ ਹੈ। ਨਸ਼ੇ ਦੀ ਸ਼ੁਰੂਆਤ ਅਕਸਰ ਸ਼ੌਕ ਜਾਂ ਸਾਥੀਆਂ ਦੇ ਪ੍ਰਭਾਵ ਤੋਂ ਹੁੰਦੀ ਹੈ, ਪਰ ਹੌਲੀ-ਹੌਲੀ ਇਹ ਆਦਤ ਇਨਸਾਨ ਦੀ ਸਿਹਤ, ਸੋਚ, ਕਮਾਈ ਅਤੇ ਰਿਸ਼ਤਿਆਂ ਨੂੰ ਆਪਣੀ ਗ੍ਰਿਫ਼ਤ ਵਿੱਚ ਲੈ ਲੈਂਦੀ ਹੈ। ਸਰੀਰ ਕਮਜ਼ੋਰ ਹੁੰਦਾ ਹੈ, ਮਿਹਨਤ ਦੀ ਕਮਾਈ ਨਸ਼ੇ ਦੀ ਭੇਟ ਚੜ੍ਹਦੀ ਹੈ ਅਤੇ ਘਰ ਵਿਚ ਸੁੱਖ ਦੀ ਥਾਂ ਤਣਾਅ, ਦੁੱਖ ਅਤੇ ਬੇਚੈਨੀ ਪੈਦਾ ਹੋਣ ਲੱਗਦੀ ਹੈ। ਪੱਛਮੀ ਦਿੱਲੀ ਦੇ ਜੇਲ੍ਹ ਰੋਡ ਸਥਿਤ ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ ਬਾਬਾ ਫਤਿਹ ਸਿੰਘ ਜੀ ਦੇ ਮੁੱਖ ਗ੍ਰੰਥੀ ਗਿਆਨੀ ਅਮਨਦੀਪ ਸਿੰਘ ਨੇ ਕਿਹਾ ਕਿ ਮਨੁੱਖ ਨੂੰ ਨਸ਼ੇ ਦੀ ਗੁਲਾਮੀ ਨਹੀਂ, ਬਲਕਿ ਗੁਰਬਾਣੀ ਨਾਲ ਜੁੜਨ ਦਾ ਨਸ਼ਾ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਗੁਰਬਾਣੀ ਮਨੁੱਖ ਨੂੰ ਆਪਣੇ ਅੰਦਰ ਝਾਤ ਮਾਰਨ ਅਤੇ ਆਪਣੇ ਜੀਵਨ ਦੀ ਦਿਸ਼ਾ ਬਾਰੇ ਆਤਮ-ਪੜਚੋਲ ਕਰਨ ਦੀ ਪ੍ਰੇਰਣਾ ਦਿੰਦੀ ਹੈ।ਉਨ੍ਹਾਂ ਕਿਹਾ ਕਿ ਜਦੋਂ ਮਨੁੱਖ ਹਰ ਰੋਜ਼ ਆਪਣੇ ਆਪ ਤੋਂ ਪੁੱਛਦਾ ਹੈ ਕਿ ਉਸ ਦਾ ਜੀਵਨ ਕਿਸ ਦਿਸ਼ਾ ਵੱਲ ਜਾ ਰਿਹਾ ਹੈ, ਉਸ ਦੀ ਕਮਾਈ ਕਿੱਥੇ ਖਰਚ ਹੋ ਰਹੀ ਹੈ, ਸਮਾਂ ਕਿੱਥੇ ਲੱਗ ਰਿਹਾ ਹੈ ਅਤੇ ਉਸ ਦੇ ਕਰਮ ਪਰਿਵਾਰ ਲਈ ਸੁੱਖ ਦਾ ਕਾਰਨ ਬਣ ਰਹੇ ਹਨ ਜਾਂ ਦੁੱਖ ਦਾ, ਤਾਂ ਇਹੀ ਅਸਲ ਆਤਮ-ਪੜਚੋਲ ਹੈ। ਗਿਆਨੀ ਅਮਨਦੀਪ ਸਿੰਘ ਨੇ ਗੁਰਬਾਣੀ ਦੇ ਪਾਵਨ ਉਪਦੇਸ਼ "ਮਨ ਜੀਤੈ ਜਗੁ ਜੀਤੁ" ਦਾ ਹਵਾਲਾ ਦਿੰਦਿਆਂ ਕਿਹਾ ਕਿ ਮਨ ਨੂੰ ਜਿੱਤਣ ਦੀ ਕੋਸ਼ਿਸ਼ ਕਰਨ ਵਾਲਾ ਮਨੁੱਖ ਆਪਣੀਆਂ ਮਾੜੀਆਂ ਆਦਤਾਂ ਅਤੇ ਕਮਜ਼ੋਰੀਆਂ 'ਤੇ ਵੀ ਕਾਬੂ ਪਾਉਣ ਵੱਲ ਵਧਦਾ ਹੈ। ਨਾਮ ਸਿਮਰਨ, ਸੰਗਤ ਅਤੇ ਸੇਵਾ ਮਨੁੱਖੀ ਜੀਵਨ ਨੂੰ ਅੰਦਰੋਂ ਮਜ਼ਬੂਤ ਕਰਦੇ ਹਨ। ਉਨ੍ਹਾਂ ਕਿਹਾ ਕਿ ਗੁਰਬਾਣੀ ਦਾ ਨਸ਼ਾ ਐਸਾ ਨਸ਼ਾ ਹੈ ਜੋ ਹੋਸ਼ ਖੋਹਣ ਦੀ ਥਾਂ ਹੋਸ਼ ਪੈਦਾ ਕਰਦਾ ਹੈ, ਘਰ ਉਜਾੜਨ ਦੀ ਥਾਂ ਘਰ ਵਸਾਉਂਦਾ ਹੈ ਅਤੇ ਮਨੁੱਖ ਨੂੰ ਕਮਜ਼ੋਰ ਕਰਨ ਦੀ ਥਾਂ ਅੰਦਰੋਂ ਮਜ਼ਬੂਤ ਬਣਾਉਂਦਾ ਹੈ। ਅੱਜ ਨੌਜਵਾਨਾਂ ਨੂੰ ਆਪਣੇ ਆਪ ਤੋਂ ਇਹ ਸਵਾਲ ਜ਼ਰੂਰ ਪੁੱਛਣਾ ਚਾਹੀਦਾ ਹੈ ਕਿ "ਜਿਸ ਚੀਜ਼ ਨੂੰ ਮੈਂ ਆਪਣਾ ਸਹਾਰਾ ਸਮਝ ਰਿਹਾ ਹਾਂ, ਕੀ ਉਹ ਮੇਰਾ ਭਵਿੱਖ ਬਣਾ ਰਹੀ ਹੈ ਜਾਂ ਮੇਰਾ ਭਵਿੱਖ ਖੋਹ ਰਹੀ ਹੈ ?" ਅੰਤ ਵਿਚ ਉਨ੍ਹਾਂ ਕਿਹਾ ਕਿ ਨੌਜਵਾਨੀ ਨੂੰ ਨਸ਼ਿਆਂ ਦੀ ਹਨੇਰੀ ਤੋਂ ਕੱਢ ਕੇ ਗੁਰਬਾਣੀ, ਗੁਰਸੰਗਤ, ਸਿਮਰਨ ਅਤੇ ਸੇਵਾ ਦੇ ਰਾਹ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ ਹੈ। ਜੇ ਨੌਜਵਾਨ ਆਪਣੇ ਮਨ, ਤਨ ਅਤੇ ਧਨ ਨੂੰ ਸਹੀ ਦਿਸ਼ਾ ਵਿੱਚ ਵਰਤਣ ਅਤੇ ਗੁਰੂ ਦੇ ਪਾਵਨ ਉਪਦੇਸ਼ ਨਾਲ ਜੁੜਨ ਤਾਂ ਉਹ ਆਪਣੇ ਜੀਵਨ ਦੇ ਨਾਲ-ਨਾਲ ਆਪਣੇ ਪਰਿਵਾਰ ਨੂੰ ਵੀ ਨਸ਼ਿਆਂ ਦੇ ਮਾਰੂ ਪ੍ਰਭਾਵ ਤੋਂ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ।



# ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲੇ ਵਾਲੇ ਯੂ ਕੇ ਵਿਦੇਸ਼ ਦੀ ਧਰਤੀ ਤੇ ਕੁਝ ਸਮੇਂ ਲਈ ਧਰਮ ਪ੍ਰਚਾਰ ਕਰਨ ਲਈ ਗਏ

ਚੌਕ ਮਹਿਤਾ 30 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਕੁਝ ਸਮੇਂ ਲਈ ਵਿਸ਼ੇਸ਼ ਯੂ ਕੇ ਧਰਮ ਪ੍ਰਚਾਰ ਕਰਨ ਲਈ ਗਏ ਹਨ ਯੂਕੇ ਦੀ ਧਰਤੀ ਤੇ ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲੇ ਵਾਲਿਆਂ ਦਾ ਨਿੱਘਾ ਸੁਆਗਤ ਕੀਤਾ ਗਿਆ। ਬਾਬਾ ਜੀ ਯੂ ਕੇ ਦੀ ਧਰਤੀ ਤੇ ਵੱਖ ਵੱਖ ਥਾਵਾਂ ਤੇ ਸੰਗਤਾਂ ਨੂੰ ਕੀਰਤਨ ਅਤੇ ਕਥਾ ਦੇ ਨਾਲ ਨਿਹਾਲ ਕਰਨਗੇ। ਉਨ੍ਹਾਂ ਦੇ ਨਾਲ ਗੜਵਈ ਭਾਈ ਦੀਪ ਸਿੰਘ ਜੀ ਅਤੇ ਹੋਰ ਸੇਵਾਦਾਰਾਂ ਵੀ ਨਾਲ ਗਏ ਹਨ।



# ਕਮੇਟੀ ਸਿਰ ਕਰੋੜਾਂ ਦੇ ਲਟਕਦੇ ਬਕਾਏ—ਫਿਰ ਦਸੰਬਰ ਦੇ ਸ਼ਹੀਦੀ ਪੁਰਬਾਂ ਲਈ ਕਿੱਥੋਂ ਹੋਵੇਗਾ ਖਰਚਾ. ? ਦਿੱਲੀ ਕਮੇਟੀ ਦੇਵੇ ਜਵਾਬ : ਸੰਤ ਮੀਤ ਸਿੰਘ

ਨਵੀਂ ਦਿੱਲੀ 30 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੌਜੂਦਾ ਕਾਰਗੁਜ਼ਾਰੀ ਅਤੇ ਨਿਰੰਤਰ ਡਿੱਗ ਰਹੇ ਪ੍ਰਬੰਧਕੀ ਮਿਆਰ 'ਤੇ ਵਰ੍ਹਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜਨਕਪੁਰੀ ਵਾਰਡ ਨੰਬਰ 32 ਦੇ ਉਮੀਦੁਆਰ



ਸਰਦਾਰ ਸੰਤ ਮੀਤ ਸਿੰਘ ਨੇ ਮੌਜੂਦਾ ਪ੍ਰਬੰਧਕਾਂ ਦੀਆਂ ਨਾਕਾਮੀਆਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ। ਉਨ੍ਹਾਂ ਕਿਹਾ ਕਿ ਬੀਤੇ ਸਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਵਰਗੇ ਮਹਾਨ ਅਤੇ ਇਤਿਹਾਸਕ ਦਿਹਾੜੇ ਨੂੰ ਮਨਾਉਣ ਲਈ ਦਿੱਲੀ ਕਮੇਟੀ ਕੋਲ ਨਾ ਤਾਂ ਕੋਈ ਵਿਉਂਤਬੰਦੀ ਸੀ ਅਤੇ ਨਾ ਹੀ ਯੋਗ ਇੰਤਜ਼ਾਮ। ਕਮੇਟੀ ਦੀ ਇਸ ਨਾਕਾਮੀ ਦਾ ਨਤੀਜਾ ਇਹ ਨਿਕਲਿਆ ਕਿ ਦਿੱਲੀ ਸਰਕਾਰ ਨੇ ਆਪਣੀਆਂ ਜੇਬਾਂ ਖੋਲ੍ਹ ਕੇ ਪ੍ਰੋਗਰਾਮ ਕਰਵਾਏ ਅਤੇ ਸਾਰਾ ਸਿਹਰਾ ਆਪਣੇ ਸਿਰ ਬੰਨ੍ਹ ਲਿਆ, ਜੋ ਕਿ ਸਮੁੱਚੀ ਸਿੱਖ ਕੌਮ ਲਈ ਇੱਕ ਬੇਹੱਦ ਚਿੰਤਾਜਨਕ ਅਤੇ ਸ਼ਰਮਸਾਰ ਕਰਨ ਵਾਲੀ ਸਥਿਤੀ ਬਣੀ ਸੀ । ਜੋ ਸਿੱਖ ਕੌਮ ਪੂਰੀ ਦੁਨੀਆ ਵਿੱਚ ਆਪਣੀ ਬੇਮਿਸਾਲ ਸੇਵਾ ਅਤੇ ਵਧੀਆ ਪ੍ਰਬੰਧਾਂ ਲਈ ਜਾਣੀ ਜਾਂਦੀ ਹੈ, ਉਸ ਦੀ ਦਿੱਲੀ ਸਥਿਤ ਮੁੱਖ ਸੰਸਥਾ ਆਪਣੇ ਅਜ਼ੀਮ ਗੁਰੂ ਸਾਹਿਬ ਦੀ ਸ਼ਤਾਬਦੀ ਨੂੰ ਆਪਣੇ ਸਰਪ੍ਰਸਤੀ ਹੇਠ ਮਾਣ-ਸਨਮਾਨ ਨਾਲ ਮਨਾਉਣ ਵਿੱਚ ਪੂਰੀ ਤਰ੍ਹਾਂ ਅਸਮਰੱਥ ਸਾਬਤ ਹੋਈ ਸੀ । ਮੌਜੂਦਾ ਹਾਲਾਤਾਂ 'ਤੇ ਡੂੰਘੀ ਚਿੰਤਾ ਪ੍ਰਗਟਾਉਂਦਿਆਂ ਸ. ਸੰਤ ਮੀਤ ਸਿੰਘ ਨੇ ਕਿਹਾ ਕਿ ਪਿਛਲੀਆਂ ਨਾਕਾਮੀਆਂ ਤੋਂ ਸਬਕ ਲੈਣ ਦੀ ਬਜਾਏ ਹੁਣ ਮੁੜ ਦਸੰਬਰ ਮਹੀਨੇ ਵਿੱਚ ਵੱਡੇ-ਵੱਡੇ ਪ੍ਰੋਗਰਾਮ ਕਰਵਾਉਣ ਦੇ ਵੱਡੇ ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਜਦਕਿ ਦੂਜੇ ਪਾਸੇ ਕਮੇਟੀ ਦੀ ਵਿੱਤੀ ਹਾਲਤ ਦਿਨ-ਬ-ਦਿਨ ਖ਼ਰਾਬ ਹੁੰਦੀ ਜਾ ਰਹੀ ਹੈ। ਅੱਜ ਹਾਲਾਤ ਇਹ ਹਨ ਕਿ ਗੁਰਦੁਆਰਾ ਸਾਹਿਬਾਨ ਦੇ ਬਿਜਲੀ ਦੇ ਬਿੱਲ ਭਰਨ ਤੱਕ ਦੇ ਪੈਸੇ ਨਹੀਂ ਹਨ, ਮੁਲਾਜ਼ਮਾਂ ਦੀਆਂ ਤਨਖਾਹਾਂ ਅਤੇ ਪੀ.ਐੱਫ. ਵਰਗੇ ਬੁਨਿਆਦੀ ਮਾਮਲੇ ਗੰਭੀਰ ਸੰਕਟ ਵਿੱਚ ਫਸੇ ਹੋਏ ਹਨ ਅਤੇ ਸਕੂਲਾਂ ਦੇ ਅਧਿਆਪਕ ਆਪਣੇ ਹੱਕੀ ਬਕਾਏ ਲੈਣ ਲਈ ਅਦਾਲਤਾਂ ਦੇ ਧੱਕੇ ਖਾਣ ਲਈ ਮਜਬੂਰ ਹਨ। ਜਦੋਂ ਕਮੇਟੀ ਪ੍ਰਬੰਧਕ ਆਪ ਮੰਨ ਚੁੱਕੇ ਹਨ ਕਿ ਉਨ੍ਹਾਂ ਦੇ ਸਿਰ 'ਤੇ ਕਰੋੜਾਂ ਰੁਪਏ ਦਾ ਕਰਜ਼ਾ ਚੜ੍ਹਿਆ ਹੋਇਆ ਹੈ, ਤਾਂ ਅਜਿਹੇ ਵਿੱਤੀ ਸੰਕਟ ਦੇ ਦੌਰ ਵਿੱਚ ਦਸੰਬਰ ਦੇ ਇਹ ਭਾਰੀ-ਭਰਕਮ ਪ੍ਰੋਗਰਾਮ ਕਿਸ ਤਰ੍ਹਾਂ ਨੇਪਰੇ ਚਾੜ੍ਹੇ ਜਾਣਗੇ ? ਕੀ ਇਸ ਵਾਰ ਵੀ ਦਿੱਲੀ ਸਰਕਾਰ ਦੀਆਂ ਦੇਹਲੀਆਂ 'ਤੇ ਗੋਡੇ ਟੇਕ ਕੇ ਅਤੇ ਉਨ੍ਹਾਂ ਦੇ ਖਰਚੇ 'ਤੇ ਪ੍ਰੋਗਰਾਮ ਕਰਵਾ ਕੇ ਪੰਥ ਦੀ ਹੇਠੀ ਕਰਵਾਈ ਜਾਵੇਗੀ ? ਅੰਤ ਵਿਚ ਸ. ਸੰਤ ਮੀਤ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਮਾਮਲਾ ਸਿਰਫ਼ ਪ੍ਰਬੰਧਕਾਂ ਦੀਆਂ ਕੁਰਸੀਆਂ ਤੱਕ ਸੀਮਤ ਨਹੀਂ ਹੈ, ਸਗੋਂ ਇਹ ਪੂਰੀ ਸੰਗਤ ਦੇ ਮਾਣ-ਸਨਮਾਨ ਨਾਲ ਜੁੜਿਆ ਹੋਇਆ ਅਹਿਮ ਮੁੱਦਾ ਹੈ। ਗੁਰੂਘਰਾਂ ਦਾ ਪ੍ਰਬੰਧ ਕਿਸੇ ਦੀ ਨਿੱਜੀ ਜਾਇਦਾਦ ਨਹੀਂ ਸਗੋਂ ਸੰਗਤ ਦੀ ਪਵਿੱਤਰ ਅਮਾਨਤ ਹੈ, ਅਤੇ ਇਸ ਅਮਾਨਤ ਵਿੱਚ ਖਿਆਨਤ ਕਰਨ ਵਾਲੇ ਪ੍ਰਬੰਧਕ ਸੰਗਤ ਅੱਗੇ ਜਵਾਬਦੇਹ ਹਨ। ਉਨ੍ਹਾਂ ਮੰਗ ਕੀਤੀ ਕਿ ਪ੍ਰਬੰਧਕ ਤੁਰੰਤ ਸੰਗਤ ਦੇ ਸਾਹਮਣੇ ਆ ਕੇ ਕਮੇਟੀ ਦੀ ਅਸਲ ਵਿੱਤੀ ਸਥਿਤੀ ਨੂੰ ਸਪੱਸ਼ਟ ਕਰਨ, ਕਰਜ਼ੇ ਦਾ ਲੇਖਾ-ਜੋਖਾ ਜਨਤਕ ਕਰਨ, ਬਕਾਏ ਲਟਕਣ ਦੇ ਕਾਰਨ ਦੱਸਣ ਅਤੇ ਇਹ ਖੁਲਾਸਾ ਕਰਨ ਕਿ ਇਨ੍ਹਾਂ ਮਾੜੇ ਹਾਲਾਤਾਂ ਵਿੱਚ ਫੰਡਾਂ ਦਾ ਜੁਗਾੜ ਕਿੱਥੋਂ ਕੀਤਾ ਜਾਵੇਗਾ। ਜਿੰਨਾ ਚਿਰ ਪਿਛਲੀਆਂ ਗੰਭੀਰ ਨਾਕਾਮੀਆਂ ਦੀ ਜਵਾਬਦੇਹੀ ਤੈਅ ਨਹੀਂ ਹੁੰਦੀ ਅਤੇ ਸੰਗਤ ਨੂੰ ਤਸੱਲੀਬਖਸ਼ ਜਵਾਬ ਨਹੀਂ ਦਿੱਤਾ ਜਾਂਦਾ, ਉਨਾ ਚਿਰ ਪ੍ਰਬੰਧਕਾਂ ਦੀ ਇਸ ਮਨਮਾਨੀ ਅਤੇ ਬਦਇੰਤਜ਼ਾਮੀ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਜਾਂਦੀ ਰਹੇਗੀ।

# ਪੰਥਕ ਸੰਘਰਸ਼ ਵਿੱਚ ਵੱਡਾ ਯੋਗਦਾਨ ਪਾਉਣ ਵਾਲੇ ਭਾਈ ਜਸਵਿੰਦਰ ਸਿੰਘ ਡਰੌਲੀ ਦੀ ਧਰਮ ਸੁਪਤਨੀ ਬੀਬੀ ਕੁਲਵੰਤ ਕੌਰ ਦੀ ਅੰਤਿਮ ਅਰਦਾਸ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸ਼ਰਧਾਂਜਲੀ ਭੇਂਟ ਕੀਤੀ











ਪੰਥਕ ਸੰਘਰਸ਼ ਵਿੱਚ ਵੱਡਾ ਯੋਗਦਾਨ ਪਾਉਣ ਵਾਲੇ ਭਾਈ ਜਸਵਿੰਦਰ ਸਿੰਘ ਡਰੌਲੀ ਦੀ ਧਰਮ ਸੁਪਤਨੀ ਬੀਬੀ ਕੁਲਵੰਤ ਕੌਰ ਦੀ ਅੰਤਿਮ ਅਰਦਾਸ ਵਿੱਚ ਅੱਜ 30 ਸਤੰਬਰ 2026 ਨੂੰ ਗੁਰਦੁਆਰਾ ਮੋਤੀ ਬਾਗ ਸਾਹਿਬ ਪਟਿਆਲਾ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸ਼ਰਧਾਂਜਲੀ ਭੇਂਟ ਕੀਤੀ ਇਸ ਸਮੇਂ ਵੱਡੀ ਗਿਣਤੀ ਵਿੱਚ ਪੰਥਕ ਆਗੂ ਸਾਹਿਬਾਨ ਸੰਤ ਮਹਾਂਪੁਰਸ਼ ਅਤੇ ਸਿੱਖ ਸੰਗਤਾਂ ਵੀ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਮਿਡ-ਟਰਮ 2026-27 ਨਤੀਜੇ ਘੋਸ਼ਿਤ

# ਨਤੀਜਿਆਂ ਮੌਕੇ ਵਿਦਿਆਰਥੀਆਂ ਵੱਲੋਂ ਲਗਾਈ ਸ਼ਾਨਦਾਰ ਪ੍ਰਦਰਸ਼ਨੀ


















**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਨਾਮਵਾਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਮਿਡ-ਟਰਮ 2026-27 ਪ੍ਰੀਖਿਆਵਾਂ ਦੇ ਨਤੀਜੇ ਘੋਸ਼ਿਤ ਕਰਨ ਸਬੰਧੀ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਗਤੀ ਅਤੇ ਉਨ੍ਹਾਂ ਦੀ ਮਿਹਨਤ ਦਾ ਮੁਲਾਂਕਣ ਕਰਦਿਆਂ ਨਤੀਜੇ ਮਾਪਿਆਂ ਨਾਲ ਸਾਂਝੇ ਕੀਤੇ ਗਏ। ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਹੌਸਲਾ-ਅਫ਼ਜ਼ਾਈ ਕੀਤੀ ਗਈ ਅਤੇ ਹੋਰ ਬਿਹਤਰ ਪ੍ਰਦਰਸ਼ਨ ਲਈ ਪ੍ਰੇਰਿਤ ਕੀਤਾ ਗਿਆ। ਇਸ ਦੇ ਨਾਲ ਸਕੂਲ ਵਿੱਚ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਵੱਖ-ਵੱਖ ਸਿੱਖਿਆਤਮਕ, ਵਿਗਿਆਨਕ, ਗਣਿਤ, ਕਲਾ ਅਤੇ ਰਚਨਾਤਮਕ ਮਾਡਲਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਵਿਦਿਆਰਥੀਆਂ ਨੇ ਆਪਣੇ ਪ੍ਰੋਜੈਕਟਾਂ ਅਤੇ ਮਾਡਲਾਂ ਰਾਹੀਂ ਆਪਣੀ ਸਿਰਜਣਾਤਮਕਤਾ, ਗਿਆਨ ਅਤੇ ਵਿਹਾਰਕ ਸਮਝ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮਾਪਿਆਂ ਅਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਸਕੂਲ ਦੇ ਪ੍ਰਧਾਨ ਸਮਾਜ ਸੇਵੀ ਸ੍ਰ: ਚਰਨ ਸਿੰਘ, ਸਕੂਲ ਚੇਅਰਮੈੱਨ ਯੋਗਿੰਦਰ ਪ੍ਰਸਾਦ ਸ਼ਰਮਾ, ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਵਿਦਿਆਰਥੀਆਂ ਨੂੰ ਮਿਹਨਤ, ਲਗਨ ਅਤੇ ਨਿਰੰਤਰ ਸਿੱਖਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਿੱਖਿਆ ਦਾ ਮਕਸਦ ਸਿਰਫ਼ ਚੰਗੇ ਅੰਕ ਪ੍ਰਾਪਤ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਰਚਨਾਤਮਕ ਸੋਚ ਨੂੰ ਵਿਕਸਿਤ ਕਰਨਾ ਵੀ ਹੈ। ਉਨ੍ਹਾਂ ਨੇ ਸਮਾਗਮ ਦੀ ਸਫ਼ਲਤਾ ਲਈ ਸਮੂਹ ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰਾਂ ਜਿਸ ਤਰਾਂ ਨਸ਼ੇ ਦੇ ਨਾਮ 'ਤੇ ਸਿਰਫ ਬਦਨਾਮੀ ਕਰ ਰਹੀਆਂ ਹਨ, ਪੰਜਾਬ ਦੇ ਨੌਜਵਾਨ ਉਸਨੂੰ ਚੈਲੰਜ ਵਾਂਗ ਲੈਣ - ਸ ਰਵੀਇੰਦਰ ਸਿੰਘ



**ਚੰਡੀਗੜ੍ਹ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਰਾਜਨੀਤੀ ਦੇ ਵਿਦਵਾਨ ਆਗੂ, ਸਾਬਕਾ ਸਪੀਕਰ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਸ ਰਵੀਇੰਦਰ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੋਸ਼ ਲਗਾਇਆ ਕਿ ਨਸ਼ੇ ਦੇ ਮਾਮਲੇ ਵਿੱਚ ਪੰਜਾਬ ਨੂੰ ਫੁੱਟਬਾਲ ਵਾਂਗ ਸਮਝਕੇ ਕਦੇ ਕੇਂਦਰ ਅਤੇ ਕਦੇ ਪੰਜਾਬ ਸਰਕਾਰ ਇਕ ਦੂਜੇ 'ਤੇ ਗੋਲ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਪਰ ਦੋਹਾਂ ਦੇ ਸਿਆਸੀ ਉਦੇਸ਼ਾਂ ਤੋਂ ਸਾਫ ਝਲਕਦਾ ਹੈ ਕਿ ਉਹਨਾਂ ਵਿੱਚ ਇਸ ਨੂੰ ਖਤਮ ਕਰਨ ਪ੍ਰਤੀ ਗੰਭੀਰਤਾ ਦੀ ਕਿੰਨੀ ਘਾਟ ਹੈ। ਉਹਨਾਂ ਕਿਹਾ ਕਿ ਪੰਜਾਹ ਕਿਲੋਮੀਟਰ ਸਰਹੱਦੀ ਪੱਟੀ 'ਤੇ ਕਾਬਜ ਕੇਂਦਰ ਸਰਕਾਰ ਗੁਆਂਢੀ ਮੁਲਕਾਂ ਤੋਂ ਡਰੋਨਾਂ ਰਾਹੀਂ ਆ ਰਹੇ ਨਸ਼ੇ ਨੂੰ ਰੋਕਣ ਵਿੱਚ ਬੁਰੀ ਤਰਾਂ ਫੇਲ੍ਹ ਹੋਣ ਤੋਂ ਬਾਅਦ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਰੈਲੀਆਂ ਕਰ ਰਹੀ ਹੈ। ਉੱਥੇ ਪੰਜਾਬ ਦੀ ਸਰਕਾਰ ਦਾ ਯੁੱਧ ਨਸ਼ਿਆਂ ਵਿਰੁੱਧ ਵੀ ਕੋਈ ਅਸਰ ਨਹੀ ਵਿਖਾ ਸਕਿਆ ਕਿ ਜਮੀਨੀ ਪੱਧਰ 'ਤੇ ਨਸ਼ਾ ਖਤਮ ਹੋਇਆ ਹੋਵੇ। ਅਜਿਹੇ ਵਿੱਚ ਦੋਹਾਂ ਸਰਕਾਰਾਂ ਦਾ ਯਤਨ ਪੰਜਾਬ ਦੇ ਨੌਜਵਾਨਾਂ ਨੂੰ ਨਸ਼ੇੜੀ ਦੇ ਤੌਰ 'ਤੇ ਸਿਰਫ ਬਦਨਾਮ ਕਰਨਾ ਹੀ ਜਾਪਦਾ ਹੈ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਨੌਜਵਾਨ ਦੇਸ਼ ਦੇ ਸਭ ਤੋਂ ਜਾਗਰੂਕ ਨੌਜਵਾਨ ਹਨ ਜੋ ਰਾਜਨੀਤਿਕ ਲੋਕਾਂ ਦੀਆਂ ਕੁਚਾਲਾਂ ਨੂੰ ਬਹੁਤ ਚੰਗੀ ਤਰਾਂ ਸਮਝਦੇ ਹਨ। ਉਹਨਾਂ ਨੇ ਆਪਣੇ ਪੱਧਰ 'ਤੇ ਨਸ਼ਿਆਂ ਦੀ ਰੋਕਥਾਮ ਲਈ ਯਤਨ ਵੀ ਕੀਤੇ ਹਨ ਅਤੇ ਸਰਕਾਰਾਂ ਦੀਆਂ ਨਾਕਾਮੀਆਂ 'ਤੇ ਖੁਲੇਆਮ ਸਵਾਲ ਵੀ ਚੁੱਕੇ ਹਨ। ਭਾਵੇਂ ਕਿ ਇਸਦੇ ਖਮਿਆਜ਼ੇ ਵਜੋਂ ਉਹਨਾਂ ਨੂੰ ਤਸ਼ੱਦਦ ਦਾ ਸ਼ਿਕਾਰ ਵੀ ਬਣਾਇਆ ਗਿਆ। ਫਿਰ ਵੀ ਇਹ ਉਤਸ਼ਾਹੀ ਨੌਜਵਾਨ ਪੰਜਾਬ 'ਤੇ ਆਉਣ ਵਾਲੀ ਹਰ ਬਿਪਤਾ ਵਿੱਚ ਵੱਧ ਚੜ੍ਹ ਕੇ ਅੱਗੇ ਆਉਂਦੇ ਹਨ। ਉਹਨਾਂ ਤਾਜਾ ਮਿਸਾਲ ਸਾਂਝੀ ਕੀਤੀ ਕਿ ਜਲੰਧਰ ਦੀ ਇਕ ਨਿੱਜੀ ਯੂਨੀਵਰਸਿਟੀ ਵਿੱਚ ਹੋਈ ਲੁਟ ਅਤੇ ਆਗਜਨੀ ਦੀ ਘਟਨਾ ਵੇਲੇ ਮੌਕਾ ਸਾਂਭਣ ਲਈ ਯੂਨਾਈਟਿਡ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਅੰਮ੍ਰਿਤਧਾਰੀ ਨੌਜਵਾਨ ਅੱਗੇ ਆਏ ਜਿੰਨਾ ਨੇ ਵਿਦਿਆਰਥੀਆਂ ਨੂੰ ਵਿਰੋਧ ਕਰਨ ਦੇ ਲੋਕਤਾਂਤਰਿਕ ਤਰੀਕੇ ਸਮਝਾਏ। ਏਸੇ ਤਰਾਂ ਪੰਜਾਬ ਯੂਨੀਵਰਸਿਟੀ ਵਿੱਚ ਵੀ ਸਿੱਖ ਵਿਦਿਆਰਥੀ ਭਗਵਾਂਕਰਨ ਦੀ ਹਰ ਸਾਜਿਸ਼ ਦਾ ਡੱਟ ਕੇ ਵਿਰੋਧ ਕਰਦੇ ਹਨ। ਫਿਰ ਵੀ ਦੋਵੇਂ ਸਰਕਾਰਾਂ ਮਿਲ ਕੇ ਇਸ ਤਰਾਂ ਪ੍ਰਚਾਰ ਕਰ ਰਹੀਆਂ ਹਨ ਜਿਵੇਂ ਪੰਜਾਬ ਦੇ ਸਾਰੇ ਨੌਜਵਾਨ ਚਿੱਟੇ 'ਤੇ ਲੱਗੇ ਹੋਏ ਹਨ। ਇਹਨਾਂ ਲੀਡਰਾਂ ਨੂੰ ਆਪਣੀ ਜਿੰਮੇਵਾਰੀ ਸਮਝਣੀ ਚਾਹੀਦੀ ਹੈ ਕਿ ਲੋਕਾਂ ਨੇ ਚੁਣਕੇ ਤੁਹਾਨੂੰ ਰਾਜ ਭਾਗ ਦੇ ਮਾਲਕ ਇਸ ਲਈ ਨਹੀਂ ਬਣਾਇਆ ਕਿ ਤੁਸੀਂ ਮਜਮੇ ਲਾ ਕੇ ਇਕ ਦੂਜੇ 'ਤੇ ਇਲਜ਼ਾਮ ਲਗਾਉਂਦੇ ਰਹੋ। ਮਿਲੀ ਹੋਈ ਤਾਕਤ ਦਾ ਸਹੀ ਇਸਤੇਮਾਲ ਕਰਕੇ ਪੀੜਤਾਂ ਨੂੰ ਇਨਸਾਫ ਦਿਓ। ਪੰਜਾਬ ਵਿੱਚ ਨਾ ਉਗਣ ਵਾਲੇ ਨਸ਼ੇ ਦਾ ਰਾਹ ਬੰਦ ਕਰਨਾ ਤੁਹਾਡੀ ਜਿੰਮੇਵਾਰੀ ਹੈ। ਸ ਰਵੀਇੰਦਰ ਸਿੰਘ ਨੇ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਸਰਕਾਰਾਂ ਦੀ ਇਲਜ਼ਾਮ ਦਰਾਜੀ ਨੂੰ ਇਕ ਚੈਲੰਜ ਵਾਂਗ ਲੈਣ ਅਤੇ ਹੋਰ ਵੀ ਚੰਗੇ ਤਰੀਕੇ ਨਾਲ ਸੰਗਠਿਤ ਹੋ ਕੇ ਸਮਾਜ ਭਲਾਈ ਦੇ ਕੰਮ ਵਿਚ ਅੱਗੇ ਆਉਣ। ਕਿਉਂਕਿ ਉਹਨਾਂ ਦੇ ਕਰਨ ਵਾਲੇ ਬਹੁਤ ਕੰਮ ਹਨ। ਜਿਵੇਂ ਪ੍ਰਸ਼ਾਸਕੀ ਮਾਮਲਿਆਂ ਵਿੱਚ ਸਰਕਾਰਾਂ ਵਿੱਚ ਨਿਗਾਰ ਆਇਆ ਹੈ ਉਸੇ ਤਰਾਂ ਧਾਰਮਿਕ ਮਾਮਲਿਆਂ ਵਿੱਚ ਐਸ ਜੀ ਪੀ ਸੀ ਵਰਗੀ ਸੰਸਥਾ ਵੀ ਸਿਧਾਂਤ ਅਤੇ ਪ੍ਰਬੰਧਨ ਵਿੱਚ ਨਿਵਾਨਾਂ ਛੂਹ ਰਹੀ ਹੈ। ਨੌਜਵਾਨ ਇਹਨਾਂ ਵਿੱਚ ਸੁਧਾਰ ਲਈ ਅੱਗੇ ਆਉਣ। ਪੰਜਾਬ ਦੇ ਸਿਰੋਂ ਨਸ਼ਿਆਂ ਦਾ ਕਲੰਕ ਨੌਜਵਾਨਾਂ ਦੀ ਹਿੰਮਤ ਅਤੇ ਦਲੇਰੀ ਨਾਲ ਹੀ ਲੱਥਣਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਲੋਕ ਫ਼ਤਵਾ ਲੁੱਟਣ ਦੀਆਂ ਸੰਗ-ਭਾਜਪਾ ਦੀਆਂ ਕੁਚਾਲਾਂ ਫੇਲ੍ਹ ਕਰਨਗੇ ਪੰਜਾਬੀ: ਪਾਸਲਾ

ਜਲੰਧਰ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)-'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਦੇ ਸੱਦੇ 'ਤੇ 'ਦੇਸ਼ ਭਗਤ ਯਾਦਗਾਰ ਜਲੰਧਰ' ਦੇ 'ਵਿਸ਼ਨੂੰ ਗਣੇਸ਼ ਪਿੰਗਲੇ ਹਾਲ' ਵਿਖੇ ਸਰਵ ਸਾਥੀ ਦਰਸ਼ਨ ਨਾਹਰ, ਕੁਲਵਿੰਦਰ ਸਿੰਘ ਵੜੈਚ ਤੇ ਅਸ਼ਵਨੀ ਕੁਮਾਰ ਲੱਖਣ ਕਲਾਂ ਦੀ ਪ੍ਰਧਾਨਗੀ ਹੇਠ ਭਰਵੀਂ ਰੋਸ ਰੈਲੀ ਕੀਤੀ ਗਈ। ਆਰ.ਐਸ.ਐਸ.-ਭਾਜਪਾ ਤੇ ਮੋਦੀ ਸਰਕਾਰ ਦੀ ਗਿਣੀ-ਮਿਥੀ ਸਾਜ਼ਿਸ਼ ਤਹਿਤ ਕਰੋੜਾਂ ਭਾਰਤੀਆਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝੇ ਕਰਨ ਲਈ ਕੀਤੀ ਜਾ ਰਹੀ ਵੋਟ ਸੂਚੀਆਂ ਦੀ 'ਵਿਸ਼ੇਸ਼ ਡੂੰਘੀ ਸੁਧਾਈ' (ਐਸ.ਆਈ.ਆਰ.) ਖਿਲਾਫ਼ ਕੀਤੀ ਗਈ ਇਸ ਰੋਸ ਰੈਲੀ ਨੂੰ ਆਰ.ਐਮ.ਪੀ.ਆਈ., ਸੀ.ਪੀ.ਆਈ. (ਐਮ.ਐਲ.) ਨਿਊ ਡੈਮੋਕ੍ਰੇਸੀ ਤੇ ਸੀ.ਪੀ.ਆਈ. (ਐਮ.ਐਲ.) ਲਿਬ੍ਰੇਸ਼ਨ ਦੇ ਕੇਂਦਰੀ ਤੇ ਸੂਬਾਈ ਆਗੂਆਂ ਸਰਵ ਸਾਥੀ ਮੰਗਤ ਰਾਮ ਪਾਸਲਾ, ਦਰਸ਼ਨ ਖਟਕੜ, ਸੁਖਦਰਸ਼ਨ ਨੱਤ, ਪਰਗਟ ਸਿੰਘ ਜਾਮਾਰਾਏ, ਹੰਸ ਰਾਜ ਪੱਬਵਾਂ ਤੇ ਸੁਰਿੰਦਰ ਸ਼ਰਮਾ ਨੇ ਸੰਬੋਧਨ ਕੀਤਾ। ਮੰਚ ਸੰਚਾਲਕ ਦੇ ਫਰਜ ਸਾਥੀ ਮਹੀਪਾਲ ਨੇ ਅਦਾ ਕੀਤੇ। ਉਨ੍ਹਾਂ ਮੰਗ ਕੀਤੀ ਹੈ ਕਿ ਲੋਕ-ਰਾਜ ਦਾ ਘਾਣ ਕਰਨ ਬਦਲੇ ਗਿਆਨੇਸ਼ ਕੁਮਾਰ ਨੂੰ ਫੌਰੀ ਬਰਖ਼ਾਸਤ ਕੀਤਾ ਜਾਵੇ ਅਤੇ ਉਸ ਖਿਲਾਫ਼ ਮੁਕੱਦਮਾ ਦਰਜ ਕਰਕੇ ਉਸਨੂੰ ਜੇਲ੍ਹ 'ਚ ਸੁੱਟਿਆ ਜਾਵੇ। ਬੁਲਾਰਿਆਂ ਨੇ ਇਹ ਵੀ ਮੰਗ ਕੀਤੀ ਹੈ ਕਿ ਸੰਵਿਧਾਨਕ ਮਰਿਆਦਾ ਤੇ ਲੋਕ-ਰਾਜੀ ਕਦਰਾਂ-ਕੀਮਤਾਂ ਨੂੰ ਘੱਟੇ ਰੋਲਣ ਵਾਲੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਮੋਦੀ ਤੇ ਅਮਿਤ ਸ਼ਾਹ ਵੀ ਤੁਰੰਤ ਅਸਤੀਫਾ ਦੇਣ। ਉਨ੍ਹਾਂ ਕਿਹਾ ਹੈ ਕਿ ਗਿਆਨੇਸ਼ ਕੁਮਾਰ ਦੀਆਂ ਆਪ ਹੁਦਰੀਆਂ ਦਾ ਕੱਚਾ ਚਿੱਠਾ ਜੱਗ-ਜਾਹਿਰ ਹੋਣ ਪਿੱਛੋਂ ਇਹ ਗੱਲ ਸਾਫ ਹੋ ਗਈ ਹੈ ਕਿ ਭਾਜਪਾ ਵਲੋਂ ਜਿੱਤੀਆਂ ਪਿਛਲੀਆਂ ਕਈ ਚੋਣਾਂ ਸਹੀ ਅਰਥਾਂ 'ਚ ਲੋਕ ਫਤਵਾ ਨਹੀਂ ਸਨ, ਇਸ ਲਈ ਐਸ.ਆਈ.ਆਰ. ਤੋਂ ਪਿੱਛੋਂ ਹੋਈਆਂ ਸਾਰੀਆਂ ਚੋਣਾਂ ਰੱਦ ਕੀਤੀਆਂ ਜਾਣ। ਉਨ੍ਹਾਂ ਐਸ.ਆਈ.ਆਰ. ਤੋਂ ਪਹਿਲਾਂ ਦੀਆਂ ਵੋਟ ਸੂਚੀਆਂ ਇੰਨ-ਬਿੰਨ ਬਹਾਲ ਕਰਨ ਦੀ ਮੰਗ ਕਰਦਿਆਂ ਕਿਹਾ ਹੈ ਕਿ ਐਸ.ਆਈ.ਆਰ. ਦਰ ਹਕੀਕਤ ਮੋਦੀ ਸਰਕਾਰ ਦੀ ਐਨ.ਸੀ.ਆਰ. ਨੂੰ ਟੇਢੇ ਢੰਗ ਨਾਲ ਲਾਗੂ ਕਰਨ ਦੀ ਹੀ ਕੁਚਾਲ ਹੈ ਆਗੂਆਂ ਨੇ ਐਲਾਨ ਕੀਤਾ ਹੈ ਕਿ ਉਪਰ ਬਿਆਨੀਆਂ ਮੰਗਾਂ ਲਈ ਜਨਤਕ ਲਾਮਬੰਦੀ ਹੋਰ ਤੇਜ਼ ਕੀਤੀ ਜਾਵੇਗੀ। ਸਰਵ ਸਾਥੀ ਸ਼ਿਵ ਕੁਮਾਰ ਪਠਾਨਕੋਟ, ਸਤੀਸ਼ ਰਾਣਾ, ਮੋਹਣ ਸਿੰਘ ਧਮਾਣਾ, ਚਰਨਜੀਤ ਸਿੰਘ ਭਿੰਡਰ ਵੀ ਮੌਜੂਦ ਸਨ। ਰੋਸ ਰੈਲੀ ਦੀ ਸਮਾਪਤੀ ਤੋਂ ਪਿਛੋਂ ਸ਼ਹਿਰ 'ਚ ਰੋਹ ਭਰਪੂਰ ਮੁਜ਼ਾਹਰਾ ਵੀ ਕੀਤਾ ਗਿਆ।

# ਮਲਵਿੰਦਰ ਸਿੰਘ ਕੰਗ ਦੇ ਯਤਨਾਂ ਸਦਕਾ ਕੈਂਸਰ ਪੀੜਤ ਪਰਿਵਾਰ ਨੂੰ ਇਲਾਜ਼ ਲਈ ਮਿਲੀ ਸਹਾਇਤਾ

ਖਰੜ, 30 ਸਤੰਬਰ (ਆਵਾਜ਼ਿ ਕੌਮ ਬਿਊਰੋ)-ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ ਯੂਥ ਵਿੰਗ ਜ਼ਿਲ੍ਹਾ ਮੋਹਾਲੀ ਦੇ ਜੁਆਇੰਟ ਸਕੱਤਰ ਸ. ਪ੍ਰਭਜੋਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਨਾਲ ਲੱਗਦੇ ਗ੍ਰੀਨ ਇਨਕਲੇਵ ਦੇ ਇੱਕ ਪਰਿਵਾਰ ਦਾ ਮੈਂਬਰ ਕੈਂਸਰ ਦੀ ਗੰਭੀਰ ਬਿਮਾਰੀ ਨਾਲ ਪੀੜਤ ਸੀ। ਪਰਿਵਾਰ ਨੂੰ ਇਲਾਜ ਦੌਰਾਨ ਆ ਰਹੀਆਂ ਆਰਥਿਕ ਮੁਸ਼ਕਲਾਂ ਸਬੰਧੀ ਉਨ੍ਹਾਂ ਵੱਲੋਂ ਮੈਂਬਰ ਪਾਰਲੀਮੈਂਟ ਸ. ਮਲਵਿੰਦਰ ਸਿੰਘ ਕੰਗ ਨੂੰ ਜਾਣੂ ਕਰਵਾਇਆ ਗਿਆ। ਸ. ਪ੍ਰਭਜੋਤ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਜਾਣਕਾਰੀ ਮਿਲਣ ਉਪਰੰਤ ਸ. ਮਲਵਿੰਦਰ ਸਿੰਘ ਕੰਗ ਵੱਲੋਂ ਭਾਰਤ ਸਰਕਾਰ ਨੂੰ ਪੱਤਰ ਲਿਖ ਕੇ ਪੀੜਤ ਪਰਿਵਾਰ ਦੇ ਇਲਾਜ ਲਈ ਸਹਾਇਤਾ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਗਈ। ਪਰਿਵਾਰ ਦੇ ਅਨੁਸਾਰ, ਕਰੀਬ 15 ਦਿਨਾਂ ਦੇ ਅੰਦਰ ਇਲਾਜ ਲਈ ਲੋੜੀਂਦੀ ਰਾਸ਼ੀ ਹਸਪਤਾਲ ਨੂੰ ਜਾਰੀ ਕਰ ਦਿੱਤੀ ਗਈ, ਜਿਸ ਉਪਰੰਤ ਮਰੀਜ਼ ਦਾ ਇਲਾਜ ਜਾਰੀ ਹੈ। ਇਸ ਮੌਕੇ ਪੀੜਤ ਪਰਿਵਾਰ ਵੱਲੋਂ ਸ. ਮਲਵਿੰਦਰ ਸਿੰਘ ਕੰਗ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਦਿਲੋਂ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243